SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 21 | Tuesday, January 31, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਕਾਰਜੈਕਿੰਗ ਦੇ ਮਾਮਲੇ ਵਿੱਚ 6 ਗ੍ਰਿਫਤਾਰ



ਟੋਰਾਂਟੋ, 30 ਜਨਵਰੀ (ਪੋਸਟ ਬਿਊਰੋ) : ਇੱਕ ਮਹਿਲਾ ਤੋਂ ਕਾਰ ਖੋਹਣ, ਉਸ ਨੂੰ ਲੁੱਟਣ ਤੇ ਗੱਡੀ ਵਿੱਚੋਂ ਬਾਹਰ ਸੁੱਟਣ ਦੇ ਮਾਮਲੇ ਦੀ ਜਾਂਚ ਦੌਰਾਨ ਟੋਰਾਂਟੋ ਪੁਲਿਸ ਵੱਲੋਂ ਛੇ ਵਿਅਕਤੀਆਂ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ। ਇਨ੍ਹਾਂ ਵਿੱਚ ਇੱਕ ਵਿਅਕਤੀ ਬ੍ਰਿਟਿਸ਼ ਕੋਲੰਬੀਆ ਨਾਲ ਵੀ ਸਬੰਧਤ ਹੈ।

15 ਜਨਵਰੀ, ਐਤਵਾਰ ਨੂੰ ਪੁਲਿਸ ਅਧਿਕਾਰੀਆਂ ਨੂੰ ਕਿਸੇ ਵਿਅਕਤੀ ਦੇ ਚੋਰੀ ਨਾਲ ਗੱਡੀ ਵਿੱਚ ਦਾਖਲ ਹੋਣ ਦੀਆਂ ਖਬਰਾਂ ਦੇ ਕੇ ਟੋਰਾਂਟੋ ਦੇ ਉੱਤਰ ਵਿੱਚ ਐਗਲਿੰਟਨ ਐਵਨਿਊ ਈਸਟ ਤੇ ਮਾਊਂਟ ਪਲੈਜ਼ੈਂਟ ਰੋਡ ਇਲਾਕੇ ਵਿੱਚ ਸੱਦਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਮਹਿਲਾ ਆਪਣੇ ਜਾਣਕਾਰ ਵਿਅਕਤੀ ਨੂੰ ਮਿਲਣ ਗਈ ਤੇ ਉਹ ਉਸ ਦੀ ਗੱਡੀ ਵਿੱਚ ਜਾ ਬੈਠੀ। ਕਾਰ ਵਿੱਚ ਬੈਠਦਿਆਂ ਸਾਰ ਹੀ ਆਪਣਾ ਮੂੰਹ ਸਿਰ ਲਪੇਟੀ ਬੈਠੇ ਦੋ ਵਿਅਕਤੀਆਂ ਨੇ ਮਹਿਲਾ ਉੱਤੇ ਗੰਨ ਤਾਣ ਦਿੱਤੀ ਤੇ ਉਸ ਨੂੰ ਜ਼ਬਰਦਸਤੀ ਗੱਡੀ ਵਿੱਚ ਹੀ ਬੈਠਣ ਲਈ ਆਖਿਆ। ਫਿਰ ਤਿੰਨ ਵਿਅਕਤੀਆਂ ਨੇ ਮਹਿਲਾ ਦਾ ਫੋਨ ਤੇ ਉਸ ਦੀਆਂ ਚਾਬੀਆਂ ਚੋਰੀ ਕਰ ਲਈਆਂ।

...ਬਾਕੀ ਪੰਨਾ 2 'ਤੇ

## ਲਿਬਰਲ ਪਾਰਟੀ ਵਿੱਚ ਸ਼ਾਮਲ ਹੋ ਕੇ ਲੀਡਰਸ਼ਿਪ ਦੌੜ ਵਿੱਚ ਹਿੱਸਾ ਲੈਣ ਬਾਰੇ ਵਿਚਾਰ ਕਰ ਰਹੇ ਹਨ ਸ਼ਰੇਨਰ



ਓਨਟਾਰੀਓ, 30 ਜਨਵਰੀ (ਪੋਸਟ ਬਿਊਰੋ) : ਓਨਟਾਰੀਓ ਦੀ ਗ੍ਰੀਨ ਪਾਰਟੀ ਦੇ ਆਗੂ ਮਾਈਕ ਸ਼ਰੇਨਰ ਨੇ ਓਨਟਾਰੀਓ ਦੀ ਲਿਬਰਲ ਪਾਰਟੀ ਦੀ ਲੀਡਰਸ਼ਿਪ ਦੌੜ ਵਿੱਚ ਖੜ੍ਹੇ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਹੈ।

ਚੋਣਾਂ ਵਿੱਚ ਘਾਟਾ ਪੈਣ ਤੋਂ ਬਾਅਦ ਪਿਛਲੇ ਸਾਲ ਸਟੀਵਨ ਡੈਲ ਡੂਕਾ ਵੱਲੋਂ ਅਹੁਦਾ ਛੱਡ ਦਿੱਤੇ ਜਾਣ ਮਗਰੋਂ ਲਿਬਰਲਾਂ ਕੋਲ ਕੋਈ ਪਰਮਾਨੈਂਟ ਲੀਡਰ ਨਹੀਂ ਹੈ। ਕਈ ਲਿਬਰਲ ਇਸ ਦੌੜ ਵਿੱਚ ਹਿੱਸਾ ਲੈਣ ਦੇ ਚਾਹਵਾਨ ਹਨ। ਇਨ੍ਹਾਂ ਵਿੱਚ ਐਮਪੀ ਤੇ ਓਨਟਾਰੀਓ ਦੇ ਸਾਬਕਾ ਕੈਬਨਿਟ ਮੰਤਰੀ ਯਾਸਿਰ ਨਕਵੀ, ਐਮਪੀ ਨਥਾਨੀਅਲ ਅਰਸਕੀਨ-ਸਮਿੱਥ ਤੇ ਓਨਟਾਰੀਓ ਦੀ ਲਿਬਰਲ ਕਾਕਸ ਦੇ ਮੌਜੂਦਾ ਮੈਂਬਰ ਟੈੱਡ ਸੂ ਸ਼ਾਮਲ ਹਨ।

ਪਰ ਲਿਬਰਲਾਂ ਦੇ ਇੱਕ ਗਰੁੱਪ, ਜਿਸ ਵਿੱਚ ਸਾਬਕਾ ਕੈਬਨਿਟ ਮੰਤਰੀ ਡੈੱਬ ਮੈਥਿਊਜ਼ ਤੇ ਲਿਜ਼ ਸੈਂਡਲਜ਼ ਸ਼ਾਮਲ ਹਨ, ਵੱਲੋਂ ਐਤਵਾਰ ਨੂੰ ਇੱਕ ਪੱਤਰ ਜਾਰੀ ਕਰਕੇ ਸ਼ਰੇਨਰ ਨੂੰ ਪਾਰਟੀ ਵਿੱਚ ਸ਼ਾਮਲ ਹੋਣ ਤੇ ਲੀਡਰਸ਼ਿਪ ਦੌੜ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਗਿਆ। ਜਵਾਬ ਵਿੱਚ ਸ਼ਰੇਨਰ ਨੇ ਆਖਿਆ ਕਿ ਉਹ ਇਸ ਬਾਰੇ ਸੋਚਣ ਲਈ ਕੁੱਝ ਸਮਾਂ ਚਾਹੁੰਦੇ ਹਨ।

## ਜਗਮੀਤ ਸਿੰਘ ਵੱਲੋਂ ਹੈਲਥ ਕੇਅਰ ਦੇ ਨਿੱਜੀਕਰਣ ਬਾਰੇ ਐਮਰਜੈਂਸੀ ਬਹਿਸ ਕਰਵਾਉਣ ਦੀ ਮੰਗ



ਓਟਵਾ, 30 ਜਨਵਰੀ (ਪੋਸਟ ਬਿਊਰੋ) : ਫੈਡਰਲ ਐਨਡੀਪੀ ਆਗੂ ਜਗਮੀਤ ਸਿੰਘ ਦਾ ਕਹਿਣਾ ਹੈ ਕਿ ਉਹ ਹਾਊਸ ਆਫ ਕਾਮਨਜ਼ ਤੋਂ ਮੰਗ ਕਰਦੇ ਹਨ ਕਿ ਹੈਲਥ ਕੇਅਰ ਦਾ ਨਿਜੀਕਰਣ ਕੀਤੇ ਜਾਣ ਦੇ ਮਾਮਲੇ ਉੱਤੇ ਐਮਰਜੰਸੀ ਬਹਿਸ ਕਰਵਾਈ ਜਾਵੇ।

ਛੁੱਟੀਆਂ ਤੋਂ ਬਾਅਦ ਸੋਮਵਾਰ ਨੂੰ ਹਾਊਸ ਆਫ ਕਾਮਨਜ਼ ਪਰਤ ਰਹੇ ਪਾਰਲੀਆਮੈਂਟੇਰੀਅਨਜ਼ ਲਈ ਇਹ ਤਰਜੀਹੀ ਮੁੱਦਾ ਹੋਵੇਗਾ। ਆਪਣੀਆਂ ਛੁੱਟੀਆਂ ਦੌਰਾਨ ਜਗਮੀਤ ਸਿੰਘ ਨੇ ਬਹੁਤਾ ਸਮਾਂ ਐਮਰਜੰਸੀ ਰੂਮ ਵਿੱਚ ਲੋਕਾਂ ਦੀ ਵੱਧ ਰਹੀ ਭੀੜ ਤੇ ਵਰਕਰਾਂ ਦੀ ਘਾਟ ਦੇ ਮਾਮਲੇ ਵਿੱਚ ਬ੍ਰਿਟਿਸ਼ ਕੋਲੰਬੀਆ ਵਿੱਚ ਗੱਲਬਾਤ ਤੇ ਮੀਟਿੰਗ ਕਰਨ ਵਿੱਚ ਬਿਤਾਇਆ। ਜਗਮੀਤ ਸਿੰਘ ਨੇ ਆਖਿਆ ਕਿ ਹੈਲਥ ਕੇਅਰ ਦਾ ਮਾਮਲਾ ਸਾਡੇ ਲਈ ਮੁੱਖ ਹੈ ਤੇ ਇੱਥੇ ਪਹਿਲਾਂ ਹੀ ਸਟਾਫ ਦੀ ਕਾਫੀ ਘਾਟ ਪਾਈ ਜਾ ਰਹੀ ਹੈ ਤੇ ਜੇ ਇਹ ਸਾਰਾ ਸਿਸਟਮ ਪ੍ਰਾਈਵੇਟ ਹੱਥਾਂ ਵਿੱਚ ਚਲਾ ਗਿਆ ਤਾਂ ਹਸਪਤਾਲ ਡਾਕਟਰਾਂ ਤੇ ਨਰਸਾਂ ਤੋਂ ਹੋਰ ਸੱਖਣੇ ਹੋ ਜਾਣਗੇ।

ਜ਼ਿਕਰਯੋਗ ਹੈ ਕਿ ਓਨਟਾਰੀਓ ਵਿੱਚ ਪ੍ਰੀਮੀਅਰ ਡੱਗ ਫੋਰਡ ਦੀ ਅਗਵਾਈ ਵਾਲੀ ਕੰਜ਼ਰਵੇਟਿਵ ਸਰਕਾਰ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਐਲਾਨ ਕੀਤਾ ਸੀ ਕਿ ਉਹ ਹਸਪਤਾਲਾਂ ਦਾ ਕੁੱਝ ਕੰਮਕਾਰ ਜਨਤਕ ਤੌਰ ਉੱਤੇ ਫੰਡ ਪ੍ਰਾਪਤ, ਪ੍ਰਾਈਵੇਟ ਫੈਸਿਲਿਟੀਜ਼ ਨੂੰ ਦੇਣਗੇ ਤਾਂ ਕਿ ਸਰਜਰੀਜ਼ ਲਈ ਉਡੀਕ ਸਮਾਂ ਘਟਾਇਆ ਜਾ ਸਕੇ। ਕੋਵਿਡ-19 ਮਹਾਂਮਾਰੀ ਦੌਰਾਨ ਸਿਹਤ ਸਿਸਟਮ ਉੱਤੇ ਕਾਫੀ ਨਕਾਰਾਤਮਕ ਅਸਰ ਪਿਆ। ਅਲਬਰਟਾ ਤੇ ਸਸਕੈਚਵਨ ਵਰਗੇ ਪ੍ਰੋਵਿੰਸਾਂ ਵੱਲੋਂ ਵੀ ਇਸ ਤਰ੍ਹਾਂ ਦੇ ਕਦਮ ਚੁੱਕੇ ਗਏ ਹਨ।

## ਪੀਅਰਸਨ ਏਅਰਪੋਰਟ ਨੂੰ ਜਾਣ ਵਾਲੇ ਰਾਹ ਉੱਤੇ ਟਰੱਕ ਪਲਟਿਆ, ਹਾਈਵੇਅ 409 ਬੰਦ

ਟੋਰਾਂਟੋ, 30 ਜਨਵਰੀ (ਪੋਸਟ ਬਿਊਰੋ) : ਟੋਰਾਂਟੋ ਦੇ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਨੂੰ ਜਾਣ ਵਾਲੇ ਹਾਈਵੇਅ 409 ਉੱਤੇ ਡੀਜ਼ਲ ਟਰੱਕ ਪਲਟ ਜਾਣ ਕਾਰਨ ਉੱਥੇ ਕਾਫੀ ਡੀਜ਼ਲ ਫੈਲ ਗਿਆ ਤੇ ਹਾਈਵੇਅ ਦਾ ਰਾਹ ਬਲਾਕ ਹੋ ਗਿਆ।

ਇਹ ਘਟਨਾ ਸੋਮਵਾਰ ਨੂੰ ਸਵੇਰੇ 3:30 ਵਜੇ ਤੋਂ ਬਾਅਦ ਹਾਈਵੇਅ 409 ਤੇ ਹਾਈਵੇਅ 427 ਉੱਤੇ ਵਾਪਰੀ। ਇਸ ਸਮੇਂ ਟਰਮੀਨਲ 1 ਤੇ




ਟਰਮੀਨਲ 3 ਨੂੰ ਜਾਣ ਵਾਲੇ ਰਾਹ ਬੰਦ ਕੀਤੇ ਗਏ ਹਨ। ਟਰਾਂਸਪੋਰਟੇਸ਼ਨ ਮੰਤਰਾਲੇ ਅਨੁਸਾਰ ਕ੍ਰਿਊ ਵੱਲੋਂ ਇਸ ਥਾਂ ਨੂੰ ਸਾਫ ਕਰਨ ਵਿੱਚ ਕਈ ਘੰਟੇ ਦਾ ਸਮਾਂ ਲੱਗ ਸਕਦਾ ਹੈ ਤੇ ਇਸ ਲਈ ਇਹ ਰਾਹ ਵੀ ਕਾਫੀ ਦੇਰ ਲਈ ਬੰਦ ਰਹਿ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੁੱਝ ਲੋਕਾਂ ਨੂੰ ਮਾਮੂਲੀ ਸੱਟਾਂ ਲੱਗਣ ਦੀ ਵੀ ਖਬਰ ਹੈ।

ਮੋਟਰਿਸਟਸ ਨੂੰ ਬਦਲਵੇਂ ਰੂਟਸ ਅਪਨਾਉਣ ਦੀ ਸਲਾਹ ਦਿੱਤੀ ਗਈ ਹੈ। ਓਪੀਪੀ ਵੀ ਮੌਕੇ ਉੱਤੇ ਮੌਜੂਦ ਹੈ।

## ਦੋ ਗੱਡੀਆਂ ਦੀ ਟੱਕਰ ਵਿੱਚ ਦੋ ਜ਼ਖ਼ਮੀ

ਬਰੈਂਪਟਨ, 30 ਜਨਵਰੀ (ਪੋਸਟ ਬਿਊਰੋ) : ਬਰੈਂਪਟਨ ਵਿੱਚ ਦੋ ਗੱਡੀਆਂ ਦੀ ਟੱਕਰ ਤੋਂ ਬਾਅਦ ਇੱਕ ਪੁਲਿਸ ਅਧਿਕਾਰੀ ਸਮੇਤ ਦੋ ਵਿਅਕਤੀ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਪੀਲ ਪੁਲਿਸ ਦਾ ਕਹਿਣਾ ਹੈ ਕਿ ਪੁਲਿਸ ਦੀ ਗੱਡੀ ਤੇ ਇੱਕ ਹੋਰ ਗੱਡੀ ਦਰਮਿਆਨ ਸੋਮਵਾਰ ਸਵੇਰੇ 3:00 ਵਜੇ ਦੇ ਨੇੜੇ ਤੇੜੇ ਰੁਦਰਫੋਰਡ ਤੇ ਓਰੈਂਡਾ ਰੋਡਜ਼ ਉੱਤੇ ਟੱਕਰ ਹੋ ਗਈ। ਇਸ ਹਾਦਸੇ ਵਿੱਚ ਪੁਲਿਸ ਅਧਿਕਾਰੀ ਤੇ ਦੂਜੀ ਗੱਡੀ ਦਾ ਡਰਾਈਵਰ ਜ਼ਖ਼ਮੀ ਹੋ ਗਏ। ਪੁਲਿਸ ਨੇ ਦੱਸਿਆ ਕਿ ਦੋਵਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਤੇ ਦੋਵਾਂ ਨੂੰ ਅਹਿਤਿਆਤਨ ਹਸਪਤਾਲ ਲਿਜਾਇਆ ਗਿਆ। ਰੁਦਰਫੋਰਡ ਨੂੰ ਜਾਂਚ ਲਈ ਓਰੈਂਡਾ ਤੇ ਕਲਾਰਕ ਬੁਲੇਵਾਰਡ ਦਰਮਿਆਨ ਦੋਵਾਂ ਦਿਸ਼ਾਵਾਂ ਤੋਂ ਬੰਦ ਕਰ ਦਿੱਤਾ ਗਿਆ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axael InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
OPEN BOX & BRAND NEW UNITS AVAILABLE IN ALL BRANDS
NEW YEAR SPECIAL DEALS
PRICE $4599
KitchenAid moffat MAYTAG LG Electrolux JENNAIR BOSCH Whirlpool SAMSUNG
UNIT #1, 241 CLARENCE, ST BRAMPTON, ON L6W3E7, (416) 551 3343
44 FASKEN DR. #2-9 ETOBICKOKE, ON M9W 5M8, (416) 792-0877
UNIT #6 410 LEWIS ROAD, STONEY CREEK, ON L8E 5Y7, (905) 643 0818
UNIT #4- 1540 FANSHAWE PARK ROAD WEST
5781 HIGHWAY 7 UNIT 10, VAUGHAN, ON L4L 178, (416) 477 5556
1050 SPEERS ROAD, OAKVILLE, ON, L6L 2X4, (416) 613 0555
416-551-5553 WWW.OURRHOMEAPPLIANCES.COM

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
416 938 4598

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਹਥਿਆਰਬੰਦ ਕਾਰਜੈਕਿੰਗ ਦੀ ਕੋਸ਼ਿਸ਼ ਕਰਨ ਵਾਲੇ 3 ਲੜਕੇ ਗ੍ਰਿਫਤਾਰ




ਟੋਰਾਂਟੋ, 30 ਜਨਵਰੀ (ਪੋਸਟ ਬਿਊਰੋ) : ਰੈਕਸਡੇਲ ਵਿੱਚ ਗੰਨ ਵਿਖਾ ਕੇ ਕਾਰਜੈਕ ਕਰਨ ਦੇ ਮਾਮਲੇ ਵਿੱਚ ਜੀਟੀਏ ਦੇ ਤਿੰਨ 15 ਸਾਲਾ ਲੜਕਿਆਂ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ।

ਐਤਵਾਰ ਨੂੰ ਤੜ੍ਹਕੇ 3:30 ਵਜੇ ਤੋਂ ਪਹਿਲਾਂ ਟੋਰਾਂਟੋ ਪੁਲਿਸ ਅਧਿਕਾਰੀਆਂ ਨੂੰ ਰੈਕਸਡੇਲ ਬੁਲੇਵਾਰਡ ਤੇ ਹੰਬਰਵੁੱਡ ਬੁਲੇਵਾਰਡ ਏਰੀਆ ਵਿੱਚ ਹਥਿਆਰਬੰਦ ਡਾਕੇ ਦੀ ਖਬਰ ਮਿਲੀ। ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਅਜੇ ਆਪਣੀ ਕਾਰ ਵਿੱਚ ਬੈਠਿਆ ਹੀ ਸੀ ਕਿ ਤਿੰਨ ਲੜਕੇ ਉਸ ਕੋਲ ਪਹੁੰਚੇ। ਉਨ੍ਹਾਂ ਨੇ ਮਾਸਕ ਪਾਏ ਹੋਏ ਸਨ। ਇੱਕ ਲੜਕੇ ਨੇ ਹੈਂਡਗੰਨ ਵਿਖਾ ਕੇ ਉਸ ਵਿਅਕਤੀ ਕੋਲੋਂ ਕਾਰ ਦੀਆਂ ਚਾਬੀਆਂ ਤੇ ਉਸ ਕੋਲ ਜੋ ਵੀ ਸਮਾਨ ਸੀ, ਉਹ ਦੇਣ ਦੀ ਮੰਗ ਕੀਤੀ।

ਫਿਰ ਇਨ੍ਹਾਂ ਲੜਕਿਆਂ ਨੇ ਉਸ ਵਿਅਕਤੀ ਨੂੰ ਧੱਕੇ ਨਾਲ ਗੱਡੀ ਵਿੱਚੋਂ ਬਾਹਰ ਕੱਢ ਦਿੱਤਾ ਤੇ ਉਸ ਦੇ ਸਿਰ ਉੱਤੇ ਹੈਂਡਗੰਨ ਤਾਣ ਦਿੱਤੀ। ਤਿੰਨੇ ਮਸ਼ਕੂਕ ਕੁੱਝ ਨਕਦੀ ਤੇ ਲਾਟਰੀ ਦੀਆਂ ਟਿਕਟਾਂ ਖੋਹਣ ਵਿੱਚ ਕਾਮਯਾਬ ਹੋਏ ਪਰ ਉਹ ਗੱਡੀ ਦੀਆਂ ਚਾਬੀਆਂ ਹਾਸਲ ਨਹੀਂ ਕਰ ਸਕੇ ਤੇ ਮੌਕੇ ਤੋਂ ਪੈਦਲ ਹੀ ਫਰਾਰ ਹੋ ਗਏ। ਪੁਲਿਸ ਅਧਿਕਾਰੀਆਂ ਨੇ ਇਲਾਕੇ ਦੀ ਛਾਣਬੀਣ ਤੋਂ ਬਾਅਦ ਲੜਕਿਆਂ ਨੂੰ ਲੱਭ ਲਿਆ ਤੇ ਹਿਰਾਸਤ ਵਿੱਚ ਲੈ ਲਿਆ।

ਇਸ ਦੌਰਾਨ ਬਰੈਂਪਟਨ ਦੇ ਇੱਕ 15 ਸਾਲਾ ਲੜਕੇ ਤੇ ਮਿਸੀਸਾਗਾ ਦੇ ਦੋ 15 ਸਾਲਾ ਲੜਕਿਆਂ ਨੂੰ ਹਥਿਆਰਬੰਦ ਡਾਕਾ ਮਾਰਨ ਤੇ ਜੁਰਮ ਲਈ ਸਾਜਿਸ਼ ਰਚਣ ਵਾਸਤੇ ਚਾਰਜ ਕੀਤਾ ਗਿਆ ਹੈ।

## ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ 2 ਹਲਾਕ, 1 ਜ਼ਖ਼ਮੀ



ਓਨਟਾਰੀਓ, 30 ਜਨਵਰੀ (ਪੋਸਟ ਬਿਊਰੋ) : ਵ੍ਹਿਟਚਰਚ-ਸਟੱਫਵਿੱਲ ਵਿੱਚ ਦੋ ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ ਤੇ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ। ਜ਼ਖ਼ਮੀ ਵਿਅਕਤੀ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਹੈ।

ਸੋਮਵਾਰ ਸਵੇਰੇ 6:30 ਵਜੇ ਦੇ ਨੇੜੇ ਤੇੜੇ ਯੌਰਕ ਰੀਜਨਲ ਪੁਲਿਸ ਅਧਿਕਾਰੀ ਬਲੂਮਿੰਗਟਨ ਰੋਡ ਤੇ 9ਥ ਲੇਨ ਉੱਤੇ ਟੌਇਟਾ ਕੋਰੋਲਾ ਤੇ ਮਰਸਡੀਜ਼ ਐਸਯੂਵੀ ਦਰਮਿਆਨ ਹੋਈ ਟੱਕਰ ਤੋਂ ਬਾਅਦ ਮੌਕੇ ਉੱਤੇ ਪਹੁੰਚੇ। ਪੁਲਿਸ ਨੇ ਦੱਸਿਆ ਕਿ ਹਾਦਸੇ ਸਮੇਂ ਇੱਕ ਗੱਡੀ ਪੂਰਬ ਵੱਲ ਜਾ ਰਹੀ ਸੀ ਤੇ ਦੂਜੀ ਪੱਛਮ ਵੱਲ ਜਾ ਰਹੀ ਸੀ।

ਟੌਇਟਾ ਵਿੱਚ ਮੌਜੂਦ ਦੋਵਾਂ ਵਿਅਕਤੀਆਂ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਮਰਸਡੀਜ਼ ਦੇ ਡਰਾਈਵਰ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪੁਲਿਸ ਹਾਦਸੇ ਦੇ ਕਾਰਨਾਂ ਦਾ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ।

## ਬਲਾਤਕਾਰ ਮਾਮਲੇ 'ਚ ਆਸਾਰਾਮ ਦੋਸ਼ੀ ਕਰਾਰ, ਮੰਗਲਵਾਰ ਨੂੰ ਸੁਣਾਈ ਜਾਵੇਗੀ ਸਜ਼ਾ



ਨਵੀਂ ਦਿੱਲੀ, 30 ਜਨਵਰੀ (ਪੋਸਟ ਬਿਊਰੋ)- ਗੁਜਰਾਤ ਦੀ ਅਦਾਲਤ ਨੇ ਆਸਾਰਾਮ ਬਾਪੂ ਨੂੰ ਬਲਾਤਕਾਰ ਮਾਮਲੇ ਵਿਚ ਦੋਸ਼ੀ ਕਰਾਰ ਦਿੱਤਾ ਹੈ। ਅਦਾਲਤ ਮੰਗਲਵਾਰ ਨੂੰ ਆਸਾਰਾਮ ਦੀ ਸਜ਼ਾ ਦਾ ਐਲਾਨ ਕਰੇਗੀ। ਇਕ ਔਰਤ ਨੇ ਸਾਲ 2013 ਵਿਚ ਆਸਾਰਾਮ ਬਾਪੂ ਖਿਲਾਫ਼ ਬਲਾਤਕਾਰ ਦਾ ਕੇਸ ਦਰਜ ਕੀਤਾ ਸੀ। ਸੈਸ਼ਨ ਅਦਾਲਤ ਦੇ ਜੱਜ ਡੀ.ਕੇ. ਸੋਨੀ ਨੇ ਸਜ਼ਾ ਬਾਰੇ ਆਪਣਾ ਫੈਸਲਾ ਮੰਗਲਵਾਰ (31 ਜਨਵਰੀ) ਲਈ ਰਾਖਵਾਂ ਰੱਖ ਲਿਆ ਹੈ। ਇਸ ਦੇ ਨਾਲ ਹੀ ਅਦਾਲਤ ਨੇ ਆਸ-ਾਰਾਮ ਦੀ ਪਤਨੀ ਸਮੇਤ ਛੇ ਹੋਰ ਮੁਲਜ਼ਮਾਂ ਨੂੰ ਸਬੂਤਾਂ ਦੀ ਘਾਟ ਕਾਰਣ ਬਰੀ ਕਰ ਦਿੱਤਾ ਹੈ।

ਅਹਿਮਦਾਬਾਦ ਦੇ ਚਾਂਦਖੇੜਾ ਪੁਲਸ ਸਟੇਸਨ 'ਚ ਦਰਜ ਐਫਆਈਆਰ ਮੁਤਾ-ਬਕ ਆਸਾਰਾਮ ਬਾਪੂ ਨੇ 2001 ਤੋਂ 2006 ਦਰਮਿਆਨ ਕਥਿਤ ਤੌਰ 'ਤੇ ਔਰਤ ਨਾਲ ਕਈ ਵਾਰ ਬਲਾਤਕਾਰ ਕੀਤਾ। ਮਹਿਲਾ ਦਾ ਕਹਿਣਾ ਹੈ ਕਿ ਆਸਾਰਾਮ ਨੇ ਸ਼ਹਿਰ ਦੇ ਬਾਹਰ ਆਪਣੇ ਆਸ਼ਰਮ ਵਿਚ ਇਸ ਘਟਨਾ ਨੂੰ ਅੰਜਾਮ ਦਿੱਤਾ ਹੈ।

ਵਿਸ਼ੇਸ਼ ਸਰਕਾਰੀ ਵਕੀਲ ਆਰ.ਸੀ. ਕੋਡੇਕਰ ਨੇ ਸੋਮਵਾਰ ਨੂੰ ਕਿਹਾ ਕਿ ਅਦਾਲਤ ਨੇ ਇਸਤਗਾਸਾ ਪੱਖ ਦੇ ਮਾਮਲੇ ਨੂੰ ਸਵੀਕਾਰ ਕਰ ਲਿਆ ਹੈ ਅਤੇ ਆਸ-ਾਰਾਮ ਨੂੰ ਧਾਰਾ 376 2 (ਸੀ) (ਬਲਾਤਕ-ਾਰ), 377 (ਗੈਰ-ਕੁਦਰਤੀ ਅਪਰਾਧ) ਅਤੇ ਭਾਰਤੀ ਦੰਡਾਵਲੀ ਦੀਆਂ ਹੋਰ ਧਾਰਾਵਾਂ ਤਹਿਤ ਗੈਰ-ਕਾਨੂੰਨੀ ਹਿਰਾਸਤ ਲਈ ਦੋਸ਼ੀ ਠਹਿਰਾਇਆ ਹੈ। ਆਸਾਰਾਮ ਇਸ ਸਮੇਂ ਰਾਜਸਥਾਨ ਦੀ ਜੋਧਪੁਰ ਜੇਲ ਵਿਚ ਬਲਾਤਕਾਰ ਦੇ ਇਕ ਕੇਸ ਵਿਚ ਸਜ਼ਾ ਕੱਟ ਰਿਹਾ ਹੈ।

## ਅੱਜ ਨਾਮਾ

ਆਇਆ ਫਿਰਦਾ ਅਡਾਨੀ ਜਦ ਮਾਰ ਥੱਲੇ,
ਮੰਦੀ ਸ਼ੇਅਰ-ਬਾਜ਼ਾਰ ਵਿੱਚ ਛਾਈ ਮੀਆਂ।
ਛਾਇਆ ਰਹਿੰਦਾ ਸੀ ਅੱਗੇ ਸੰਸਾਰ ਉੱਪਰ,
ਡਾਢੀ ਔਕੜ ਅਡਾਨੀ ਲਈ ਆਈ ਮੀਆਂ।
ਆਈ ਔਕੜ ਵੀ ਇਹਦੀ ਨਾ ਰਹੀ ਨਿੱਜੀ,
ਬੁਰਕੀ ਕਈਆਂ ਦੀ ਪਈ ਛੁਡਾਈ ਮੀਆਂ।
ਭੰਡੀ ਕਰਵਾਈ ਪਈ ਕੁੱਲ ਸੰਸਾਰ ਅੰਦਰ,
ਮੁੜ-ਮੁੜ ਦੇਣੀ ਆ ਪਈ ਸਫਾਈ ਮੀਆਂ।
ਨਿੰਦਾ ਆਪਣੀਉਹ ਭਾਰਤ ਦੀ ਕਹੀ ਜਾਂਦਾ,
ਤੋੜਦੀ ਚੁੱਪ ਨਹੀਂ ਭਾਰਤ ਸਰਕਾਰ ਮੀਆਂ।
ਅਡਾਨੀ ਬਣ ਗਿਆ ਭਾਰਤ ਦਾ ਰੂਪ ਕਿੱਦਾਂ,
ਰਮਜ਼ ਇਹ ਸਮਝ ਨਾ ਸਕੇ ਸੰਸਾਰ ਮੀਆਂ।

**ਤੀਸ ਮਾਰ ਖਾਂ**

## ਕਾਰਜੈਕਿੰਗ ਦੇ ਮਾਮਲੇ ਵਿੱਚ 6 ਗ੍ਰਿਫਤਾਰ

ਪੰਨਾ 1 ਦਾ ਬਾਕੀ

ਫਿਰ ਇਹ ਸਾਰੇ ਵਿਅਕਤੀ ਉਸ ਮਹਿਲਾ ਨੂੰ ਲੈ ਕੇ ਉਸ ਦੇ ਘਰ ਚਲੇ ਗਏ ਤੇ ਉਨ੍ਹਾਂ ਉਸ ਨੂੰ ਲੁੱਟ ਲਿਆ। ਪੁਲਿਸ ਨੇ ਦੱਸਿਆ ਕਿ ਇਸ ਸਾਰੇ ਘਟਨਾਕ੍ਰਮ ਵਿੱਚ ਲੁਟੇਰਿਆਂ ਨੇ ਮਹਿਲਾ ਨੂੰ ਗੱਡੀ ਵਿੱਚੋਂ ਬਾਹਰ ਸੁੱਟ ਦਿੱਤਾ ਤੇ ਆਪ ਫਰਾਰ ਹੋ ਗਏ। ਟੋਰਾਂਟੋ ਪੁਲਿਸ ਅਧਿਕਾਰੀ ਇਸ ਡਾਕੇ ਵਿੱਚ ਵਰਤੀ ਗਈ ਗੱਡੀ ਦੀ ਪਛਾਣ ਕਰਨ ਵਿੱਚ ਕਾਮਯਾਬ ਰਹੇ ਤੇ ਉਨ੍ਹਾਂ ਨੇ ਇਨ੍ਹਾਂ ਸਾਰੇ ਵਿਅਕਤੀਆਂ ਨੂੰ ਟਰੈਕ ਕਰ ਲਿਆ। 17 ਜਨਵਰੀ ਨੂੰ ਜਾਂਚਕਾਰਾਂ ਨੇ ਐਡੀਲੇਡ ਸਟਰੀਟ ਵੈਸਟ ਤੇ ਪੀਟਰ ਸਟਰੀਟ ਏਰੀਆ ਵਿੱਚ ਸ਼ੱਕੀ ਗੱਡੀ ਨੂੰ ਲੋਕੇਟ ਕਰ ਲਿਆ ਤੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਇਨ੍ਹਾਂ ਦੀ ਪਛਾਣ ਮਿਸੀਸਾਗਾ ਦੇ 26 ਸਾਲਾ ਓਮਰ ਬੇਕਰੀ, ਬਰਨਾਬੀ, ਬੀਸੀ ਦੇ 30 ਸਾਲਾ ਡੈਨੀਅਲ ਓਫਰੀ ਤੇ ਟੋਰਾਂਟੋ ਦੇ 32 ਸਾਲਾ ਜੁਗਰਾਜ ਰੰਧਾਵਾ ਵਜੋਂ ਕੀਤੀ ਗਈ ਹੈ। ਇਨ੍ਹਾਂ ਤਿੰਨਾਂ ਵਿਅਕਤੀਆਂ ਨੂੰ ਹਥਿਆਰਾਂ ਦੀ ਮਦਦ ਨਾਲ ਡਾਕਾ ਮਾਰਨ, ਅਗਵਾਕਾਂਡ ਨੂੰ ਅੰਜਾਮ ਦੇਣ ਸਮੇਤ ਕਈ ਹੋਰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਾਂਚ ਦੌਰਾਨ ਪੁਲਿਸ ਨੇ ਚਾਰ ਸਰਚ ਵਾਰੰਟ ਕਢਵਾਏ, ਕਈ ਭਰੀਆਂ ਹੋਈਆਂ ਹੈਂਡਗੰਨਜ਼ (ਜਿਨ੍ਹਾਂ ਦਾ ਮੁੱਲ 150,000 ਡਾਲਰ ਦੇ ਨੇੜੇ ਤੇੜੇ ਹੈ), 8 ਕਿੱਲੋ ਤੋਂ ਵੱਧ ਦੇ ਨਸ਼ੀਲੇ ਪਦਾਰਥ ਜਿਨ੍ਹਾਂ ਵਿੱਚ ਫੈਂਟਾਨਿਲ, ਕੋਕੀਨ, ਹੈਰੋਈਨ ਤੇ ਕ੍ਰਿਸਟਲ ਮੈਥ ਸ਼ਾਮਲ ਹਨ, ਬਰਾਮਦ ਕੀਤੇ ਹਨ। ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਨਸ਼ਿਆਂ ਦੀ ਬਾਜ਼ਾਰ ਵਿੱਚ ਕੀਮਤ 1•3 ਮਿਲੀਅਨ ਡਾਲਰ ਹੈ।

ਇਨ੍ਹਾਂ ਤੋਂ ਇਲਾਵਾ ਪੁਲਿਸ ਵੱਲੋਂ ਤਿੰਨ ਹੋਰ ਵਿਅਕਤੀਆਂ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ। ਇਨ੍ਹਾਂ ਵਿੱਚ ਮਿਸੀਸਾਗਾ ਦੇ 22 ਸਾਲਾ ਨਾਇਮਾ ਕਾਨਾਮੁਗਾਇਰ, ਟੋਰਾਂਟੋ ਦਾ 26 ਸਾਲਾ ਅਬੀਰਿਜਕ ਉਨਲ ਤੇ ਐਜੈਕਸ, ਓਨਟਾਰੀਓ ਦਾ 26 ਸਾਲਾ ਅਲੀ ਜਾਬਾਲ੍ਹਾ ਸ਼ਾਮਲ ਹਨ। ਇਨ੍ਹਾਂ ਉੱਤੇ 45 ਚਾਰਜਿਜ਼ ਲਾਏ ਗਏ ਹਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪ੍ਰਵਾਸੀ ਭਾਰਤੀਆਂ ਦੇ ਮਸਲਿਆਂ ਦੇ ਹੱਲ ਲਈ ਨਵੀਂ ਐੱਨ.ਆਰ.ਆਈ. ਨੀਤੀ 28 ਫ਼ਰਵਰੀ ਤੱਕ ਤਿਆਰ ਹੋਵੇਗੀ : ਕੁਲਦੀਪ ਸਿੰਘ ਧਾਲੀਵਾਲ



ਚੰਡੀਗੜ੍ਹ, 30 ਜਨਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਕਾਰਗਰ ਕਦਮ ਚੁੱਕ ਰਹੀ ਹੈ, ਇਹ ਪ੍ਰਗਟਾਵਾ ਕਰਦਿਆਂ ਸੂਬੇ ਦੇ ਐਨ.ਆਰ.ਆਈ. ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਹੈ ਕਿ ਪੰਜਾਬ ਦੀ ਨਵੀਂ ਐਨ.ਆਰ.ਆਈ. ਨੀਤੀ 28 ਫ਼ਰਵਰੀ, 2023 ਤੱਕ ਤਿਆਰ ਕਰ ਲਈ ਜਾਵੇਗੀ।

ਅੱਜ ਇੱਥੇ ਪੰਜਾਬ ਭਵਨ ਵਿਖੇ ਡੀ.ਜੀ.ਪੀ. ਪੰਜਾਬ ਗੌਰਵ ਯਾਦਵ, ਐਨ.ਆਰ.ਆਈ. ਮਾਮਲਿਆਂ ਦੇ ਪ੍ਰਮੁੱਖ ਸਕੱਤਰ ਜੇ.ਐਮ. ਬਾਲਾ-ਮੁਰਗਨ, ਏ.ਡੀ.ਜੀ.ਪੀ. ਐਨ.ਆਰ.ਆਈ. ਮਾਮਲੇ ਪ੍ਰਵੀਨ ਕੁਮਾਰ ਸਿਨਹਾ, ਵਿਸ਼ੇਸ਼ ਸਕੱਤਰ ਗ੍ਰਹਿ ਵਰਿੰਦਰ ਕੁਮਾਰ, ਵਿਸ਼ੇਸ਼ ਸਕੱਤਰ ਐਨ.ਆਰ.ਆਈ. ਕਮਲਜੀਤ ਕੌਰ ਬਰਾੜ ਅਤੇ ਵਿਸ਼ੇਸ਼ ਸਕੱਤਰ ਐਨ.ਆਰ.ਆਈ. ਪਰਮਜੀਤ ਸਿੰਘ ਨਾਲ ਮੀਟਿੰਗ ਕੀਤੀ ਮਗਰੋਂ ਧਾਲੀਵਾਲ ਨੇ ਦੱਸਿਆ ਕਿ ਜਲੰਧਰ, ਐਸ.ਏ.ਐਸ. ਨਗਰ, ਲੁਧਿਆਣਾ, ਮੋਗਾ ਅਤੇ ਅੰਮ੍ਰਿਤਸਰ ਵਿਖੇ ਕੀਤੇ ਗਏ 'ਮਿਲਣੀ ਸਮਾਗਮਾਂ' ਦੌਰਾਨ 606 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 40 ਫੀਸਦੀ ਭਾਵ 250 ਸ਼ਿਕਾਇਤਾਂ ਦਾ ਹੱਲ ਕੀਤਾ ਜਾ ਚੁੱਕਾ ਹੈ ਜਦਕਿ ਬਕਾਇਆ ਦਾ ਹੱਲ ਛੇਤੀ ਹੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਆਦਾਤਰ ਸ਼ਿਕਾਇਤਾਂ ਮਾਲ ਅਤੇ ਪੁਲਸ ਵਿਭਾਗ ਨਾਲ ਸਬੰਧਤ ਹਨ, ਜਦਕਿ 20 ਫੀਸਦੀ ਸ਼ਿਕਾਇਤਾਂ ਪਹਿਲਾਂ ਹੀ ਵੱਖ-ਵੱਖ ਅਦਾਲਤਾਂ ਵਿੱਚ ਸੁਣਵਾਈ ਅਧੀਨ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਪ੍ਰਵਾਸੀ ਭਾਰਤੀਆਂ ਨਾਲ ਸਬੰਧਤ ਕੇਸਾਂ ਦੇ ਛੇਤੀ ਹੱਲ ਲਈ ਫਾਸਟ ਟਰੈਕ ਅਦਾਲਤਾਂ ਸਥਾਪਤ ਕਰਨ ਸਬੰਧੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ, ਮੋਗਾ, ਲੁਧਿਆਣਾ, ਐਸ.ਬੀ.ਐਸ. ਨਗਰ ਅਤੇ ਪਟਿਆਲਾ ਵਿਖੇ ਇਹ ਨਵੀਆਂ ਵਿਸ਼ੇਸ਼ ਅਦਾਲਤਾਂ ਸਥਾਪਿਤ ਕੀਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਅਦਾਲਤਾਂ ਵਿਖੇ ਵਿਸ਼ੇਸ਼ ਜੱਜ ਤੋਂ ਇਲਾਵਾ ਸਟਾਫ਼ ਅਤੇ ਐਨ.ਆਰ.ਆਈ. ਥਾਣਿਆਂ ਲਈ ਵੱਖਰੀਆਂ ਅਸਾਮੀਆਂ ਸਿਰਜਣ ਦੀ ਤਜਵੀਜ਼ ਮੁੱਖ ਮੰਤਰੀ ਪੰਜਾਬ ਨੂੰ ਭੇਜੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਲੰਧਰ ਵਿਖੇ ਪਹਿਲਾਂ ਹੀ ਐੱਨ.ਆਰ.ਆਈ. ਵਿਸ਼ੇਸ਼ ਅਦਾਲਤ ਚੱਲ ਰਹੀ ਹੈ।

ਧਾਲੀਵਾਲ ਨੇ ਦੱਸਿਆ ਕਿ ਡੀ.ਜੀ.ਪੀ. ਗੌਰਵ ਯਾਦਵ ਨੇ ਅੱਜ ਭਰੋਸਾ ਦਿੱਤਾ ਹੈ ਕਿ 15 ਐਨ.ਆਰ.ਆਈ. ਥਾਣਿਆਂ ਦੀ ਕਾਇਆ ਕਲਪ ਕਰਨ ਲਈ 30 ਲੱਖ ਰੁਪਏ ਦੇ ਫੰਡ ਛੇਤੀ ਹੀ ਜਾਰੀ ਕਰ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸੂਬਾ ਪੁਲੀਸ ਮੁਖੀ ਨੇ ਐਨ.ਆਰ.ਆਈ. ਪੁਲੀਸ ਥਾਣਿਆਂ ਵਿੱਚ ਪੁਲੀਸ ਨਫ਼ਰੀ ਵਧਾਉਣ ਲਈ ਵੀ ਸਹਿਮਤੀ ਦੇ ਦਿੱਤੀ ਹੈ, ਜਿਸ ਵਿੱਚ 75 ਪੁਲੀਸ ਕਰਮਚਾਰੀ ਤੁਰੰਤ ਅਤੇ 75 ਕਰਮਚਾਰੀ ਮਾਰਚ 2023 ਤੱਕ ਇਨ੍ਹਾਂ ਵਿਸ਼ੇਸ਼ ਥਾਣਿਆਂ ਵਿੱਚ ਤਾਇਨਾਤ ਕਰ ਦਿੱਤੇ ਜਾਣਗੇ।

ਧਾਲੀਵਾਲ ਨੇ ਅੱਗੇ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਦੀ ਵੱਖ-ਵੱਖ ਸਮੱਸਿਆਵਾਂ ਦੇ ਹੱਲ ਲਈ ਡੀ.ਜੀ.ਪੀ. ਪੰਜਾਬ ਸਾਰੇ ਜ਼ਿਲ੍ਹਿਆਂ ਦੇ ਪੁਲੀਸ ਮੁਖੀਆਂ ਨੂੰ ਇੱਕ ਪੱਤਰ ਵੀ ਲਿਖਣਗੇ, ਜਿਸ ਵਿੱਚ ਸਬੰਧਤਾਂ ਦੇ ਮਸਲੇ ਛੇਤੀ ਹੱਲ ਕਰਨ ਦੇ ਨਿਰਦੇਸ਼ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੁਲੀਸ ਮੁਖੀ, ਪੁਲੀਸ ਨਾਲ ਸਬੰਧਤ ਸਾਰੇ ਮਸਲਿਆਂ ਦੀ ਰਿਪੋਰਟ ਏ.ਡੀ.ਜੀ.ਪੀ. ਐਨ.ਆਰ.ਆਈ. ਨੂੰ ਭੇਜਣਾ ਯਕੀਨੀ ਬਣਾਉਣਗੇ।

# ਡਾ. ਰਮਨ ਗਿੱਲ ਨੂੰ ਭਾਰਤ ਕੀਰਤੀਮਾਨ ਪੁਰਸਕਾਰ ਮਿਲਿਆ




ਲੁਧਿਆਣਾ, 30 ਜਨਵਰੀ (ਗਿਆਨ ਸਿੰਘ ) ਕੈਲਗਰੀ (ਕੈਨੇਡਾ) ਵੱਸਦੀ ਲੁਧਿਆਣਾ ਦੀ ਜੰਮੀ ਜਾਈ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਪੜ੍ਹੀ ਪੰਜਾਬਣ ਵਿਗਿਆਨੀ ਡਾ. ਰਮਨ ਗਿੱਲ ਨੂੰ ਪਿਛਲੇ ਦਿਨੀਂ ਇੰਦੌਰ (ਮੱਧਯ ਪ੍ਰਦੇਸ਼) ਵਿਖੇ 17ਵੇਂ ਪਰਵਾਸੀ ਦਿਵਸ ਮੌਕੇ ਵਰਲਡ ਬੁੱਕ ਆਫ਼ ਰੀਕਾਰਡਜ਼ ਯੂ ਕੇ ਵੱਲੋਂ ਕੈਨੇਡੀਅਨ ਸਮਾਜ ਨੂੰ ਸਮਾਜਿਕ ਸੇਵਾਵਾਂ ਪ੍ਰਦਾਨ ਕਰਨ ਲਈ
ਭਾਰਤ ਕੀਰਤੀਮਾਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ।

ਡਾ. ਰਮਨ ਗਿੱਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਪਹਿਲੇ ਲੈਂਡ ਸਕੇਪ ਅਫ਼ਸਰ ਸ. ਹਰੀ ਸਿੰਘ ਸੰਧੂ ਜੀ ਦੀ ਸਪੁੱਤਰੀ ਹੈ।

ਡਾ. ਰਮਨ ਗਿੱਲ ਨੂੰ ਇਹ ਪੁਰਸਕਾਰ ਨਿਆਂ, ਸਿੱਖਿਆ, ਕਲਾ ਤੇ ਸੱਭਿਆਚਾਰ, ਅਧਿਆਤਮ, ਵਾਤਾਵਰਣ, ਤੇ ਸਰਬਪੱਖੀ ਵਿਕਾਸ ਲਈ ਤਕਨਾਲੋਜੀ ਦੇ ਖੇਤਰ ਵਿੱਚ ਚੋਣਵੀਆਂ ਪਰਵਾਸੀ ਸ਼ਖ਼ਸੀਅਤਾਂ ਦੇ ਨਾਲ ਸਨਮਾਨਿਤ ਕੀਤਾ ਗਿਆਹੈ।

ਡਾ. ਰਮਨ ਗਿੱਲ ਨੂੰ ਇਹ ਪੁਰਸਕਾਰ ਵਰਿੰਦਰ ਸ਼ਰਮਾ ਮੈਂਬਰ ਪਾਰਲੀਮੈਂਟ ਯੂ ਕੇ, ਸ੍ਰੀ ਸ਼ੰਕਰ ਲਾਲਵਾਨੀ ਮੈਂਬਰ ਪਾਰਲੀਮੈਂਟ ਭਾਰਤ, ਸ਼੍ਰੀਮਤੀ ਮਾਲਾ ਤਿਵਾੜੀ ਅਟੱਲ ਫਾਉਂਡੇਸ਼ਨ, ਡਾਃ ਦਿਵਾਕਰ ਸੁਕਲ ਲੰਡਨ ਨੇ ਪ੍ਰਦਾਨ ਕੀਤਾ।

ਡਾ. ਰਮਨ ਗਿੱਲ ਨੇ ਇਸੇ ਭਾਰਤ ਫੇਰੀ ਦੌਰਾਨ ਆਪਣੇ ਪਿਤਾ ਜੀ ਸਃ ਹਰੀ ਸਿੰਘ ਸੰਧੂ ਜੀ ਦੀ ਪੰਜਾਬ ਅੰਦਰ ਲੈਂਡ ਸਕੇਪਿੰਗ ਦੇ ਖੇਤਰ ਵਿੱਚ ਬਾਨੀ ਯੋਗਦਾਨ ਬਾਰੇ ਅੰਗਰੇਜ਼ੀ ਵਿੱਚ ਇੱਕ ਕੌਫੀ ਟੇਬਲ ਪੁਸਤਕ ਵੀ ਪੰਜਾਬ ਖੇਤੀ ਯੂਨੀਵਰਸਿਟੀ ਵਿਖੇ ਵਾਈਸ ਚਾਂਸਲਰ ਤੇ ਆਪਣੇ ਅਧਿਆਪਕ ਡਾਃ ਸਤਬੀਰ ਸਿੰਘ ਗੋਸਲ , ਡੀਨ ਡਾਇਰੈਕਟਰਜ਼ ਡਾਃ ਅਜਮੇਰ ਸਿੰਘ ਢੱਟ, ਡਾ. ਨਿਰਮਲ ਸਿੰਘ ਜੌੜਾ, ਡਾ. ਅਸ਼ੋਕ ਕੁਮਾਰ, ਡਾ. ਸੰਦੀਪ ਕਪੂਰ ਕੰਪ-ਟਰੋਲਰ, ਡਾ. ਸ਼ੰਮੀ ਕਪੂਰ ਰਜਿਸਟਰਾਰ, ਡਾ. ਰਿਸ਼ੀਇੰਦਰ ਸਿੰਘ ਗਿੱਲ, ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਸਃ ਸੋਭਾ ਸਿੰਘ ਮੈਮੋਰੀਅਲ ਫਾਉਂਡੇਸ਼ਨ ਦੇ ਜਨਰਲ ਸਕੱਤਰ ਤੇਜ ਪ੍ਰਤਾਪ ਸਿੰਘ ਸੰਧੂ, ਆਪਣੇ ਪਿਤਾ ਜੀ ਤੇ ਮਾਤਾ ਜੀ ਸਰਦਾਰਨੀ ਗੁਰਦਰਸ਼ਨ ਕੌਰ ਸੰਧੂ ਅਤੇ ਵੱਡੀ ਭੈਣ ਡਾ. ਸੰਦੀਪ ਕੌਰ ਬੈਂਸ ਡੀਨ ਪੋਸਟ ਗਰੈਜੂਏਟ ਸਟਡੀਜ਼ ਦੀ ਹਾਜ਼ਰੀ ਵਿੱਚ ਰਿਲੀਜ਼ ਕਰਵਾਈ ਹੈ।

# ਇੱਕ ਹਫ਼ਤੇ ਵਿਚ 16.36 ਕਿਲੋ ਹੈਰੋਇਨ, 6.70 ਕਿਲੋ ਅਫੀਮ, 11.53 ਲੱਖ ਰੁਪਏ ਦੀ ਡਰੱਗ ਮਨੀ ਸਮੇਤ 257 ਨਸ਼ਾ ਤਸਕਰ ਕਾਬੂ

## ਐਨ.ਡੀ.ਪੀ.ਐਸ. ਐਕਟ ਦੇ ਕੇਸਾਂ ਵਿੱਚ ਪੀਓਜ਼/ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਸਬੰਧੀ ਮੁਹਿੰਮ ਤਹਿਤ ਗ੍ਰਿਫ਼ਤਾਰੀਆਂ ਦੀ ਗਿਣਤੀ 648 ਤੱਕ ਪਹੁੰਚੀ

ਚੰਡੀਗੜ੍ਹ, 30 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਚੱਲ ਰਹੀ ਫੈਸਲਾਕੁੰਨ ਜੰਗ ਦੌਰਾਨ, ਪੰਜਾਬ ਪੁਲਿਸ ਨੇ ਪਿਛਲੇ ਹਫ਼ਤੇ ਸੂਬੇ ਭਰ 'ਚ ਐਨ.ਡੀ.ਪੀ.ਐਸ. ਐਕਟ ਤਹਿਤ 198 ਐਫ.ਆਈ.ਆਰਜ਼. ਦਰਜ ਕਰਕੇ, ਜਿਸ ਵਿੱਚ 19 ਵਪਾਰਕ ਮਾਮਲੇ ਹਨ, 257 ਨਸ਼ਾ ਤਸਕਰਾਂ/ਸਪਲਾਇਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਇੰਸਪੈਕਟਰ ਜਨਰਲ ਆਫ਼ ਪੁਲਿਸ (ਹੈਡਕੁਆਰਟਰ) ਸੁਖਚੈਨ ਸਿੰਘ ਗਿੱਲ ਨੇ ਅੱਜ ਇੱਥੇ ਆਪਣੀ ਹਫ਼ਤਾਵਾਰੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੁਲਿਸ ਨੇ ਦੋਸ਼ੀਆਂ ਕੋਲੋਂ 16.36 ਕਿਲੋ ਹੈਰੋਇਨ, 6.70 ਕਿਲੋ ਅਫੀਮ, 1.94 ਕੁਇੰਟਲ ਭੁੱਕੀ ਅਤੇ 78918 ਫਾਰਮਾ ਓਪੀਓਡਜ਼ ਦੀਆਂ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਤੋਂ ਇਲਾਵਾ 11.53 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ।

ਇਸ ਤੋਂ ਪਿਛਲੇ ਹਫ਼ਤੇ, ਪੰਜਾਬ ਪੁਲਿਸ ਨੇ 5 ਕਿਲੋਗ੍ਰਾਮ ਹੈਰੋਇਨ, 4.90 ਕਿਲੋਗ੍ਰਾਮ ਅਫੀਮ, 5.92 ਕੁਇੰਟਲ ਭੁੱਕੀ, ਅਤੇ ਫਾਰਮਾ ਓਪੀਓਡਜ਼ ਦੀਆਂ 1.95 ਲੱਖ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਤੋਂ ਇਲਾਵਾ 7.89 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕਰਕੇ 241 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਸੀ।



ਉਹਨਾਂ ਦੱਸਿਆ ਕਿ 5 ਜੁਲਾਈ, 2022 ਨੂੰ ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਵਿਸ਼ੇਸ਼ ਮੁਹਿੰਮ ਦੇ ਚਲਦਿਆਂ ਪਿਛਲੇ ਹਫ਼ਤੇ ਦੌਰਾਨ ਐਨ.ਡੀ.ਪੀ.ਐਸ. ਕੇਸਾਂ ਵਿੱਚ 12 ਹੋਰ ਭਗੌੜੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਨਾਲ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 648 ਹੋ ਗਈ ਹੈ ।

ਜ਼ਿਕਰਯੋਗ ਹੈ ਕਿ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਸਨ ਕਿ ਉਹ ਹਰੇਕ ਮਾਮਲੇ ਵਿੱਚ, ਖਾਸ ਤੌਰ 'ਤੇ ਨਸ਼ਿਆਂ ਦੀ ਬਰਾਮਦਗੀ ਨਾਲ ਸਬੰਧਤ ਅਗਲੀਆਂ-ਪਿਛਲੀਆਂ ਕੜੀਆਂ ਦੀ ਬਾਰੀਕੀ ਨਾਲ ਜਾਂਚ ਕਰਨ, ਭਾਵੇਂ ਕਿਸੇ ਕੋਲੋਂ ਮਾਮੂਲੀ ਮਾਤਰਾ ਵਿੱਚ ਹੀ ਨਸ਼ੀਲੇ ਪਦਾਰਥ ਦੀ ਬਰਾਮਦਗੀ ਹੋਈ ਹੋਵੇ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਪੁਲਿਸ ਵੱਲੋਂ ਸਰਹੱਦੀ ਸੂਬੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਠੱਲ੍ਹ ਪਾਉਣ ਲਈ ਵਿਆਪਕ ਨਸ਼ਾ ਵਿਰੋਧੀ ਮੁਹਿੰਮ ਚਲਾਈ ਗਈ ਹੈ। ਡੀਜੀਪੀ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤੀ ਨਾਲ ਹੁਕਮ ਦਿੱਤੇ ਹਨ ਕਿ ਉਹਨਾਂ ਸਾਰੇ ਹਾਟਸਪਾਟਸ ਦੀ ਸ਼ਨਾਖਤ ਕੀਤੀ ਜਾਵੇ ਜਿੱਥੇ ਨਸ਼ੇ ਦਾ ਰੁਝਾਨ ਹੈ ਅਤੇ ਉਹਨਾਂ ਦੇ ਅਧਿਕਾਰ ਖੇਤਰਾਂ ਨਾਲ ਸਬੰਧਤ ਸਾਰੇ ਚੋਟੀ ਦੇ ਨਸ਼ਾ ਤਸਕਰਾਂ ਦੀ ਵੀ ਪਛਾਣ ਕੀਤੀ ਜਾਵੇ। ਉਹਨਾਂ ਪੁਲਿਸ ਮੁਖੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਫੜੇ ਗਏ ਸਾਰੇ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕੀਤੀ ਜਾਵੇ ਤਾਂ ਜੋ ਉਹਨਾਂ ਦੇ ਨਜਾਇਜ਼ ਪੈਸੇ ਨੂੰ ਬਰਾਮਦ ਕੀਤਾ ਜਾ ਸਕੇ।

# ਚਾਈਨਾ ਡੋਰ ਖ਼ਿਲਾਫ਼ ਕਾਰਵਾਈ: ਪੰਜਾਬ ਪੁਲਿਸ ਵੱਲੋਂ ਇਕ ਹਫ਼ਤੇ 'ਚ ਚਾਈਨਾ ਡੋਰ ਦੇ 1503 ਬੰਡਲ ਜ਼ਬਤ ਕਰਕੇ 56 ਲੋਕਾਂ ਨੂੰ ਕੀਤਾ ਗ੍ਰਿਫ਼ਤਾਰ

## 19 ਦਸੰਬਰ, 2022 ਤੋਂ ਹੁਣ ਤੱਕ ਡੋਰ ਦੇ ਕੁੱਲ 12866 ਬੰਡਲ ਕੀਤੇ ਜ਼ਬਤ



ਚੰਡੀਗੜ੍ਹ, 30 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੰਥੈਟਿਕ ਸਮੱਗਰੀ ਨਾਲ ਬਣੀ ਚਾਈਨਾ ਡੋਰ ਦੀ ਵਿਕਰੀ, ਭੰਡਾਰਨ ਅਤੇ ਖਰੀਦ 'ਤੇ ਪਾਬੰਦੀ ਲਗਾਉਣ ਦੇ ਹੁਕਮਾਂ ਤੋਂ ਇੱਕ ਹਫ਼ਤੇ ਉਪਰੰਤ ਪੰਜਾਬ ਪੁਲਿਸ ਨੇ ਪਤੰਗ ਉਡਾਉਣ ਲਈ ਵਰਤੀ ਜਾਣ ਵਾਲੀ ਇਸ ਘਾਤਕ ਡੋਰ ਵਿਰੁੱਧ ਜਾਰੀ ਮੁਹਿੰਮ ਨੂੰ ਹੋਰ ਤੇਜ਼ ਕਰ ਦਿੱਤਾ ਹੈ।

ਚਾਈਨਾ ਡੋਰ ਵੇਚਣ ਵਾਲਿਆਂ ਵਿਰੁੱਧ ਕੀਤੀ ਕਾਰਵਾਈ ਬਾਰੇ ਹਫ਼ਤਾਵਾਰੀ ਵੇਰਵੇ ਸਾਂਝੇ ਕਰਦਿਆਂ ਆਈ.ਜੀ.ਪੀ. ਨੇ ਦੱਸਿਆ ਕਿ ਪੰਜਾਬ ਪੁਲਿਸ ਨੇ 50 ਐਫ.ਆਈ.ਆਰਜ਼. ਦਰਜ ਕਰਕੇ ਚਾਈਨਾ ਡੋਰ ਦੇ 1502 ਬੰਡਲ ਜਬਤ ਕੀਤੇ ਅਤੇ ਇਸ ਡੋਰ ਨੂੰ ਵੇਚਣ ਵਿੱਚ ਸ਼ਾਮਲ 56 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਚਾਈਨਾ ਡੋਰ ਵਿਰੁੱਧ ਮੁਹਿੰਮ ਸ਼ੁਰੂ ਕਰਨ ਉਪਰੰਤ ਪੰਜਾਬ ਪੁਲਿਸ ਨੇ 19 ਦਸੰਬਰ, 2022 ਤੋਂ ਹੁਣ ਤੱਕ 284 ਐਫਆਈਆਰਜ਼ ਦਰਜ ਕਰਕੇ ਚਾਈਨਾ ਡੋਰ ਦੇ ਕੁੱਲ 12866 ਬੰਡਲ ਜ਼ਬਤ ਕੀਤੇ ਅਤੇ 311 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਚਾਈਨਾ ਡੋਰ ਨੂੰ ਖਰੀਦਣ/ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰੇਗੀ। ਜ਼ਿਕਰਯੋਗ ਹੈ ਕਿ ਸੂਬੇ ਦੇ ਸਾਰੇ ਐਸਐਚਓਜ਼ ਨੂੰ ਛਾਪੇਮਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਕਿ ਤਾਂ ਜੋ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਕੋਈ ਵੀ ਚਾਈਨਾ ਡੋਰ ਨਾ ਵੇਚ ਸਕੇ।



# ਅਮਨ ਅਰੋੜਾ ਨੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਵਿਚ 19 ਜੂਨੀਅਰ ਇੰਜਨੀਅਰਾਂ ਨੂੰ ਨਿਯੁਕਤੀ ਪੱਤਰ ਸੌਂਪੇ

### ਮਹਿਜ਼ 10 ਮਹੀਨਿਆਂ ਵਿੱਚ ਨੌਜਵਾਨਾਂ ਨੂੰ 26 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ : ਕੈਬਨਿਟ ਮੰਤਰੀ




ਚੰਡੀਗੜ੍ਹ, 30 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ ਵੱਲੋਂ ਅੱਜ ਇੱਥੇ ਪੁੱਡਾ ਭਵਨ ਵਿਖੇ 19 ਜੂਨੀਅਰ ਇੰਜਨੀਅਰਾਂ (ਸਿਵਲ) ਨੂੰ ਨਿਯੁਕਤੀ ਪੱਤਰ ਸੌਂਪੇ ਗਏ ਹਨ। ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਵਿੱਚ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਮੌਜੂਦਾ ਸਰਕਾਰ ਨੇ ਆਪਣੇ ਮਹਿਜ਼ 10 ਮਹੀਨਿਆਂ ਦੇ ਕਾਰਜਕਾਲ ਦੌਰਾਨ 26000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

ਨਵ-ਨਿਯੁਕਤ ਜੇ.ਈਜ਼. ਨੂੰ ਪੂਰੀ ਇਮਾਨਦਾਰੀ ਨਾਲ ਕੰਮ ਕਰਨ ਲਈ ਪ੍ਰੇਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਇਕ ਨੁਕਾਤੀ ਏਜੰਡਾ ਹੈ। ਉਨ੍ਹਾਂ ਸਾਰਿਆਂ ਨੂੰ ਰੌਸ਼ਨ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਸਰਕਾਰੀ ਕਰਮਚਾਰੀਆਂ ਦੀ ਭਲਾਈ ਲਈ ਲਏ ਗਏ ਅਹਿਮ ਫੈਸਲੇ ਦਾ ਜ਼ਿਕਰ ਕਰਦਿਆਂ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਲਈ ਸਟੈਂਡਰਡ ਅਪਰੇਟਿੰਗ ਪ੍ਰੋਸੀਜ਼ਰ (ਐਸ.ਓ.ਪੀ.) ਤਿਆਰ ਕਰਨ ਵਾਸਤੇ ਮੁੱਖ ਸਕੱਤਰ ਦੀ ਅਗਵਾਈ ਵਿੱਚ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ ਕਿਉਂਕਿ ਮਾਨ ਸਰਕਾਰ ਕਰਮਚਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਮੌਕੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਦੇ ਪ੍ਰਮੁੱਖ ਸਕੱਤਰ ਅਜੋਏ ਕੁਮਾਰ ਸਿਨਹਾ ਅਤੇ ਮੁੱਖ ਪ੍ਰਸ਼ਾਸਕ ਪੁੱਡਾ ਅਪਨੀਤ ਰਿਆਤ ਵੀ ਮੌਜੂਦ ਸਨ।

# ਪੀਐਮ ਮੋਦੀ 'ਤੇ ਬੀਬੀਸੀ ਦੀ ਦਸਤਾਵੇਜ਼ੀ ਦੀ ਸੁਣਵਾਈ ਸੁਪਰੀਮ ਕੋਰਟ ਅਗਲੇ ਹਫ਼ਤੇ ਕਰੇਗੀ




ਨਵੀਂ ਦਿੱਲੀ, 30 ਜਨਵਰੀ (ਪੋਸਟ ਬਿਊਰੋ) - ਬੀਬੀਸੀ ਦੀ ਡਾਕੂਮੈਂਟਰੀ 'ਤੇ ਪਾਬੰਦੀ ਲਾਉਣ ਦਾ ਮਾਮਲਾ ਸੁਪਰੀਮ ਕੋਰਟ ਪਹੁੰਚ ਗਿਆ ਹੈ। ਬੀਬੀਸੀ ਡਾਕੂਮੈਂਟਰੀ 'ਤੇ ਪਾਬੰਦੀ ਲਗਾਉਣ ਦੇ ਖਿਲਾਫ ਸੁਪਰੀਮ ਕੋਰਟ 'ਚ ਪਟੀਸ਼ਨ ਦਾਇਰ ਕੀਤੀ ਗਈ ਹੈ। ਐਡਵੋਕੇਟ ਮਨੋਹਰ ਲਾਲ ਸ਼ਰਮਾ ਵੱਲੋਂ ਦਾਇਰ ਇਸ ਪਟੀਸ਼ਨ ਵਿੱਚ ਕੇਂਦਰ ਸਰਕਾਰ ਵੱਲੋਂ ਡਾਕੂਮੈਂਟਰੀ 'ਤੇ ਪਾਬੰਦੀ ਲਾਉਣ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਹੈ। ਸੁਪਰੀਮ ਕੋਰਟ ਇਸ ਮਾਮਲੇ 'ਤੇ 6 ਫਰਵਰੀ ਨੂੰ ਸੁਣਵਾਈ ਕਰੇਗਾ।

ਪਟੀਸ਼ਨਰ ਐਡਵੋਕੇਟ ਐਮਐਲ ਸ਼ਰਮਾ ਨੇ ਜਲਦੀ ਸੁਣਵਾਈ ਦੀ ਮੰਗ ਕੀਤੀ, ਪਰ ਸੀਜੇਆਈ ਡੀਵਾਈ ਚੰਦਰਚੂੜ ਨੇ ਕਿਹਾ ਕਿ ਸੁਣਵਾਈ 6 ਫਰਵਰੀ ਨੂੰ ਹੋਵੇਗੀ। ਪਟੀਸ਼ਨ ਵਿੱਚ 2002 ਵਿੱਚ ਗੁਜਰਾਤ ਵਿੱਚ ਹੋਏ ਫਿਰਕੂ ਦੰਗਿਆਂ ਅਤੇ ਇਸ ਤੋਂ ਬਾਅਦ ਦੇ ਹਾਲਾਤਾਂ ਬਾਰੇ ਬੀਬੀਸੀ ਦੀ ਵਿਵਾਦਿਤ ਦੋ ਭਾਗਾਂ ਵਾਲੀ ਦਸਤਾਵੇਜ਼ੀ ਫਿਲਮ 'ਇੰਡੀਆ: ਦਿ ਮੋਦੀ ਕੁਏਸਚਨ' ਉੱਤੇ ਪਾਬੰਦੀ ਲਾਉਣ ਦੇ ਕੇਂਦਰ ਸਰਕਾਰ ਦੇ ਹੁਕਮ ਨੂੰ ਚੁਣੌਤੀ ਦਿੱਤੀ ਗਈ ਹੈ। ਪਟੀਸ਼ਨਰ ਨੇ 21 ਜਨਵਰੀ, 2023 ਨੂੰ ਇਸ ਦਸਤਾਵੇਜ਼ੀ ਫਿਲਮ 'ਤੇ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਜਾਰੀ ਹੁਕਮਾਂ ਨੂੰ ਮਨਮਾਨੀ, ਮੰਦਭਾਗਾ ਅਤੇ ਅਸੰਵਿਧਾਨਕ ਕਰਾਰ ਦਿੰਦੇ ਹੋਏ ਰੱਦ ਕਰਨ ਦੇ ਨਿਰਦੇਸ਼ ਦੀ ਮੰਗ ਕੀਤੀ ਹੈ।

ਪਟੀਸ਼ਨ 'ਚ ਅਦਾਲਤ ਨੂੰ ਅਪੀਲ ਕੀਤੀ ਗਈ ਹੈ ਕਿ ਦੇਸ਼ ਭਰ 'ਚ ਵਿਵਾਦਾਂ ਦੀ ਜੜ੍ਹ ਬਣੀ ਬੀਬੀਸੀ ਦੀ ਇਸ ਡਾਕੂਮੈਂਟਰੀ ਦੇ ਦੋਵੇਂ ਹਿੱਸੇ ਉਨ੍ਹਾਂ 'ਚ ਮੌਜੂਦ ਸਮੱਗਰੀ ਦੀ ਤੱਥ ਆਧਾਰਿਤ ਡੂੰਘਾਈ ਨਾਲ ਜਾਂਚ ਲਈ ਅਦਾਲਤ ਨੂੰ ਭੇਜੇ ਜਾਣ। ਇਸ ਤੋਂ ਬਾਅਦ ਅਦਾਲਤ ਨੂੰ 2002 ਦੇ ਗੁਜਰਾਤ ਦੰਗਿਆਂ ਲਈ ਸਿੱਧੇ ਜਾਂ ਅਸਿੱਧੇ ਤੌਰ 'ਤੇ ਜ਼ਿੰਮੇਵਾਰ ਲੋਕਾਂ ਵਿਰੁੱਧ ਕਾਰਵਾਈ ਦਾ ਹੁਕਮ ਦੇਣਾ ਚਾਹੀਦਾ ਹੈ।

ਅਦਾਲਤ ਨੂੰ ਇਹ ਫੈਸਲਾ ਕਰਨਾ ਚਾਹੀਦਾ ਹੈ ਕਿ ਕੀ ਦੇਸ਼ ਦੇ ਨਾਗਰਿਕਾਂ ਨੂੰ ਸੰਵਿਧਾਨ ਦੀ ਧਾਰਾ 19 (1) (2) ਤਹਿਤ ਦਿੱਤੇ ਗਏ ਪ੍ਰਗਟਾਵੇ ਦੇ ਅਧਿਕਾਰ ਤਹਿਤ 2002 ਦੇ ਗੁਜਰਾਤ ਦੰਗਿਆਂ ਬਾਰੇ ਖ਼ਬਰਾਂ, ਤੱਥਾਂ ਅਤੇ ਰਿਪੋਰਟਾਂ ਦੇਖਣ ਦਾ ਅਧਿਕਾਰ ਹੈ? ਕੀ ਕੇਂਦਰ ਸਰਕਾਰ ਪ੍ਰੈੱਸ ਦੀ ਆਜ਼ਾਦੀ ਅਤੇ ਪ੍ਰਗਟਾਵੇ ਦੇ ਮੌਲਿਕ ਅਧਿਕਾਰ 'ਤੇ ਰੋਕ ਲਗਾ ਸਕਦੀ ਹੈ? ਕੀ ਰਾਸ਼ਟਰਪਤੀ ਸੰਵਿਧਾਨ ਦੀ ਧਾਰਾ 352 ਨੂੰ ਲਾਗੂ ਕਰਦੇ ਹੋਏ ਐਮਰਜੈਂਸੀ ਘੋਸ਼ਿਤ ਕੀਤੇ ਬਿਨਾਂ ਕੇਂਦਰ ਸਰਕਾਰ ਦੁਆਰਾ ਐਮਰਜੈਂਸੀ ਦੇ ਪ੍ਰਬੰਧਾਂ ਨੂੰ ਲਾਗੂ ਕਰ ਸਕਦਾ ਹੈ? ਅਰਜ਼ੀ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਬੀਬੀਸੀ ਦੀ ਡਾਕੂਮੈਂਟਰੀ ਵਿੱਚ ਅਜਿਹੇ ਦਰਜ ਤੱਥ ਅਤੇ ਸਬੂਤ ਮੌਜੂਦ ਹਨ, ਜਿਨ੍ਹਾਂ ਦੀ ਵਰਤੋਂ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਕੀਤੀ ਜਾ ਸਕਦੀ ਹੈ।

NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Marriage
Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

You can (905)793-2202
Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Age -35 years, Height-5.4, Caste-Jatt Sikh, Mother - Retired Principal from Government School, 1 brother - Sarpanch of Village, Father - Expired, Education - Marketing, Master of Business administration, Food Media., Status in Canada - Permanent resident. Right now, living in Etobicoke, Girl is never married. Want clean shave boy and Jatt Sikh only. Phone No - (437) 332-8422

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

STARLANE PAINTING
Residential • Commercial • Industrial
• Hotel • Motel • Exterior
• Interior • Spray Pointing
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days a Week
Call For FREE Estimate
ਹਰ ਤਰ੍ਹਾਂ ਦੀ ਵਧੀਆ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਾਲੀਵਾਲ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# 10 ਮਹੀਨਿਆਂ 'ਚ 26 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਜੋ ਪਿਛਲੀਆਂ ਸਰਕਾਰਾਂ ਨਹੀਂ ਦੇ ਸਕੀਆਂ : ਭਗਵੰਤ ਮਾਨ

*** ਲੋਕ ਨਿਰਮਾਣ ਵਿਭਾਗ ਦੇ 188 ਨਵ-ਨਿਯੁਕਤ ਜੂਨੀਅਰ ਇੰਜੀਨੀਅਰਸ ਨੂੰ ਦਿੱਤੇ ਨਿਯੁਕਤੀ ਪੱਤਰ * ਆਮ ਆਦਮੀ ਕਲੀਨਿਕ ਦਾ ਵਿਰੋਧ ਕਰਨ ਵਾਲਿਆਂ ਨੂੰ ਦਿੱਤਾ ਠੋਕਵਾਂ ਜਵਾਬ * ਵਿਰੋਧ ਲਈ ਵਿਰੋਧ ਨਾ ਕਰੋ, ਅਸੀਂ ਲੋਕ ਹਿੱਤ 'ਚ ਕਰ ਰਹੇ ਹਾਂ ਕੰਮ : ਮੁੱਖ ਮੰਤਰੀ**

ਚੰਡੀਗੜ੍ਹ, 30 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਖਿਆ ਕਿ ਸੂਬੇ ਨੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉਤੇ 26074 ਯੋਗ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਇਕ ਨਵਾਂ ਰਿਕਾਰਡ ਕਾਇਮ ਕੀਤਾ ਹੈ।

ਇੱਥੇ ਮਿਊਂਸਿਪਲ ਭਵਨ ਵਿਖੇ ਲੋਕ ਨਿਰਮਾਣ ਵਿਭਾਗ ਦੇ 188 ਜੂਨੀਅਰ ਇੰਜਨੀਅਰਾਂ ਨੂੰ ਨਿਯੁਕਤੀ ਪੱਤਰ ਵੰਡਣ ਲਈ ਕਰਵਾਏ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਇਕ ਨਵੀਂ ਕ੍ਰਾਂਤੀ ਦਾ ਗਵਾਹ ਬਣ ਰਿਹਾ ਹੈ, ਜਿੱਥੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਰਾਹੀਂ ਆਰਥਿਕ ਪੱਖੋਂ ਮਜ਼ਬੂਤ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ 10 ਮਹੀਨਿਆਂ ਦੇ ਕਾਰ-ਜਕਾਲ ਦੌਰਾਨ 26074 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਹੋਰ ਨੌਕਰੀਆਂ ਦੇਣ ਦੀ ਕਾਰਵਾਈ ਵੀ ਚੱਲ ਰਹੀ ਹੈ ਅਤੇ ਇਹ ਪ੍ਰਕਿਰਿਆ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਨੌਕਰੀਆਂ ਉਤੇ ਭਰਤੀ ਲਈ ਸਿਰਫ਼ ਤੇ ਸਿਰਫ਼ ਮੈਰਿਟ ਹੀ ਇੱਕੋ-ਇਕ ਆਧਾਰ ਹੈ। ਉਨ੍ਹਾਂ ਕਿਹਾ ਕਿ ਇਸ ਭਰਤੀ ਪ੍ਰਕਿਰਿਆ ਵਿੱਚ ਪੂਰੀ ਤਰ੍ਹਾਂ ਪਾਰਦਰਸ਼ੀ ਪਹੁੰਚ ਯਕੀਨੀ ਬਣਾਈ ਜਾ ਰਹੀ ਹੈ ਤਾਂ ਕਿ ਹੋਣਹਾਰ ਨੌਜਵਾਨ ਸੂਬਾ ਸਰਕਾਰ ਨਾਲ ਜੁੜਨ। ਭਗਵੰਤ ਮਾਨ ਨੇ ਆਸ ਪ੍ਰਗਟਾਈ ਕਿ ਇਸ ਨਾਲ ਨੌਜਵਾਨਾਂ ਦੀ ਅਥਾਹ ਤਾਕਤ ਨੂੰ ਉਸਾਰੂ ਪਾਸੇ ਲਾਉਣ ਵਿੱਚ ਮਦਦ ਮਿਲੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਆਪਣੇ ਕਾਰਜਕਾਲ ਦੇ ਦਸ ਮਹੀਨਿਆਂ ਦੌਰਾਨ ਸੂਬਾ ਸਰਕਾਰ ਨੇ ਕਈ ਮਿਸਾਲੀ ਫੈਸਲੇ ਲਏ ਹਨ, ਜਦੋਂ ਕਿ ਦੂਜੀ ਪਾਰਟੀਆਂ ਚੋਣਾਂ ਦੀਆਂ ਤਿਆਰੀਆਂ ਦੌਰਾਨ ਲੋਕਾਂ ਨਾਲ ਵਾਅਦੇ ਕਰਦੀਆਂ ਸਨ ਪਰ ਉਨ੍ਹਾਂ ਨੇ ਵਾਅਦੇ ਨਹੀਂ, ਲੋਕਾਂ ਨੂੰ ਗਰੰਟੀਆਂ ਦਿੱਤੀਆਂ। ਭਗਵੰਤ ਮਾਨ ਨੇ ਕਿਹਾ ਕਿ ਇਕ-ਇਕ ਕਰਕੇ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।



ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲੀ ਜੁਲਾਈ ਤੋਂ ਹਰੇਕ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦੇਣ ਦੀ ਗਰੰਟੀ ਪੂਰੀ ਕੀਤੀ ਅਤੇ ਇਹ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਨਵੰਬਰ-ਦਸੰਬਰ 2022 ਮਹੀਨਿਆਂ ਵਿੱਚ ਸੂਬੇ ਦੇ 87 ਫੀਸਦੀ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆਇਆ। ਭਗਵੰਤ ਮਾਨ ਨੇ ਕਿਹਾ ਕਿ ਉਹ ਇਕ ਆਮ ਪਰਿਵਾਰ ਨਾਲ ਸਬੰਧਤ ਹਨ ਅਤੇ ਆਮ ਆਦਮੀ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਭਲੀ-ਭਾਂਤ ਜਾਣਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਕ ਹੋਰ ਗਰੰਟੀ ਪੂਰੀ ਕਰਦਿਆਂ ਪੰਜਾਬ ਭਰ ਵਿੱਚ 500 ਆਮ ਆਦਮੀ ਕਲੀਨਿਕ ਖੋਲ੍ਹ ਦਿੱਤੇ ਹਨ, ਜਿੱਥੇ ਆਉਣ ਵਾਲੇ ਹਰੇਕ ਮਰੀਜ਼ ਦਾ ਆਨਲਾਈਨ ਡੇਟਾ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਘਾਤਕ ਬਿਮਾਰੀਆਂ ਨਾਲ ਸਿੱਝਣ ਲਈ ਰਣਨੀਤੀ ਘੜਨ ਵਿੱਚ ਇਹ ਡੇਟਾ ਕਾਫ਼ੀ ਮਦਦਗਾਰ ਸਾਬਤ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਵਾਸੀਆਂ ਦੇ ਇਲਾਜ ਤੇ ਰੋਗਾਂ ਦੀ ਪਛਾਣ ਵਿੱਚ ਇਹ ਪ੍ਰਭਾਵਸ਼ਾਲੀ ਸਾਬਤ ਹੋਵੇਗਾ।

ਵਿਰੋਧੀ ਪਾਰਟੀਆਂ ਨੂੰ ਕਰੜੇ ਹੱਥੀਂ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਸ਼ਰਮਨਾਕ ਗੱਲ ਹੈ ਕਿ ਵਿਰੋਧੀ ਪਾਰਟੀਆਂ ਦੇ ਆਗੂ ਲੋਕ-ਪੱਖੀ ਫੈਸਲਿਆਂ ਦੀ ਵੀ ਆਲੋਚਨਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਵਿਰੋਧ ਲਈ ਹੀ ਵਿਰੋਧ ਕਰਨਾ ਪੂਰੀ ਤਰ੍ਹਾਂ ਬੇਲੋੜਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਆਗੂ ਸੂਬੇ ਦੀ ਤਰੱਕੀ ਦੇ ਖ਼ੁਸ਼ਹਾਲੀ ਤੋਂ ਸੜਦੇ ਹਨ, ਜਿਸ ਕਾਰਨ ਇਨ੍ਹਾਂ ਪਹਿਲਕਦਮੀਆਂ ਦਾ ਵਿਰੋਧ ਕਰ ਰਹੇ ਹਨ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਕੋਈ ਵੀ ਵਿਰੋਧ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਲਈ ਕੰਮ ਕਰਨ ਤੋਂ ਰੋਕ ਨਹੀਂ ਸਕੇਗਾ ਅਤੇ ਉਹ ਲੋਕਾਂ ਦੀ ਭਲਾਈ ਲਈ ਸਖ਼ਤ ਮਿਹਨਤ ਜਾਰੀ ਰੱਖਣਗੇ। ਭਗਵੰਤ ਮਾਨ ਨੇ ਕਿਹਾ ਕਿ ਉਹ ਚੰਗੀ ਤਰ੍ਹਾਂ ਜਾਣਦੇ ਹਨ ਕਿ ਲੋਕਾਂ ਦੀ ਭਲਾਈ ਲਈ ਕੰਮ ਕਿਵੇਂ ਕਰਨੇ ਹਨ ਅਤੇ ਇਸ ਮਹਾਨ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰੋਸਾ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਇਸ ਭਰੋਸੇ ਨੂੰ ਉਹ ਹਰ ਹੀਲੇ ਬਰਕਰਾਰ ਰੱਖਣਗੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਵਿੱਚ ਸਕੂਲ ਆਫ਼ ਐਮੀਨੈਂਸ ਦੀ ਸ਼ੁਰੂਆਤ ਕੀਤੀ ਹੈ। ਇਹ ਸਕੂਲ, ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਉਣਗੇ। ਭਗਵੰਤ ਮਾਨ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਰੁਚੀਆਂ ਮੁਤਾ-ਬਕ ਹੀ ਉਨ੍ਹਾਂ ਦਾ ਵਿਕਾਸ ਯਕੀਨੀ ਬਣੇਗਾ ਅਤੇ ਇਹ ਸਕੂਲ ਭਵਿੱਖ ਲਈ ਮਾਹਿਰਾਂ ਦੀ ਇਕ ਵੱਡੀ ਫੌਜ ਤਿਆਰ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਦੀ ਦੌਲਤ ਨੂੰ ਲੁੱਟਿਆ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਇਹ ਫ਼ਰਜ਼ ਬਣਦਾ ਹੈ ਕਿ ਇਸ ਘਿਨਾਉਣੇ ਜੁਰਮ ਦੇ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਪਹੁੰਚਾਇਆ ਜਾਵੇ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਦੋਖੀਆਂ, ਜਿਨ੍ਹਾਂ ਲੋਕਾਂ ਦੇ ਖ਼ਜ਼ਾਨੇ ਨੂੰ ਲੁੱਟਿਆ, ਨੂੰ ਸਜ਼ਾ ਦਿਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਅਣਥੱਕ ਕੋਸ਼ਿਸ਼ਾਂ ਨਾਲ ਉੱਦਮੀਆਂ ਨੇ ਰਾਜ ਵਿੱਚ ਨਿਵੇਸ਼ ਲਈ ਉਤਸ਼ਾਹ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਪੰਜਾਬ ਵਿੱਚ 27 ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ, ਜਿਸ ਨਾਲ ਨੌਜਵਾਨਾਂ ਲਈ ਨੌਕਰੀਆਂ ਦੇ ਲੱਖਾਂ ਮੌਕੇ ਪੈਦਾ ਹੋ ਰਹੇ ਹਨ। ਭਗਵੰਤ ਮਾਨ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਨੇ ਇਕ ਹੋਰ ਮਿਸਾਲੀ ਫੈਸਲੇ ਤਹਿਤ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਉਨ੍ਹਾਂ ਦੇ ਘਰਾਂ ਵਿੱਚ ਹੀ ਪਹੁੰਚਾਉਣ ਦਾ ਫੈਸਲਾ ਕੀਤਾ ਹੈ। ਇਸ ਤੋਂ ਪਹਿਲਾਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਮੁੱਖ ਮੰਤਰੀ ਤੇ ਹੋਰ ਮਹਿਮਾਨਾਂ ਦਾ ਸਵਾਗਤ ਕੀਤਾ।

## 1 ਅਪ੍ਰੈਲ ਤੋਂ ਸਕਰੈਪ ਵਿਚ ਬਦਲ ਦਿੱਤੇ ਜਾਣਗੇ 15 ਸਾਲ ਪੁਰਾਣੇ ਸਰਕਾਰੀ ਵਾਹਨ

ਨਵੀਂ ਦਿੱਲੀ, 30 ਜਨਵਰੀ (ਪੋਸਟ ਬਿਊਰੋ)- ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਸੋਮਵਾਰ ਨੂੰ ਕਿਹਾ ਕਿ 1 ਅਪ੍ਰੈਲ ਤੋਂ ਬਾਅਦ 15 ਸਾਲ ਤੋਂ ਪੁਰਾਣੇ 9 ਲੱਖ ਸਰਕਾਰੀ ਵਾਹਨਾਂ ਦੇ ਸੜਕ 'ਤੇ ਚੱਲਣ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਉਨ੍ਹਾਂ ਦੀ ਥਾਂ 'ਤੇ ਨਵੇਂ ਵਾਹਨ ਲਗਾਏ ਜਾਣਗੇ। ਇਹ ਵਾਹਨ ਕੇਂਦਰ ਅਤੇ ਰਾਜ ਸਰਕਾਰਾਂ, ਟਰਾਂਸਪੋਰਟ ਕਾਰਪੋਰੇਸਨਾਂ ਅਤੇ ਜਨਤਕ ਖੇਤਰ ਦੇ ਉਦਯੋਗਾਂ ਵਿੱਚ ਲੱਗੇ ਹੋਏ ਹਨ। ਉਦਯੋਗਿਕ ਸੰਸਥਾ ਫਿੱਕੀ ਦੇ ਇਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਗਡਕਰੀ ਨੇ ਕਿਹਾ ਕਿ ਸਰਕਾਰ ਈਥਾਨੌਲ, ਮਿਥੇਨੌਲ, ਬਾਇਓ-ਸੀਐਨਜੀ, ਬਾਇਓ-ਐਲਐਨਜੀ ਅਤੇ ਇਲੈਕਟ੍ਰਿਕ ਵਾਹਨਾਂ



ਦੀ ਵਰਤੋਂ ਦੀ ਸਹੂਲਤ ਲਈ ਕਈ ਕਦਮ ਚੁੱਕ ਰਹੀ ਹੈ।

ਸੜਕ ਟਰਾਂਸਪੋਰਟ ਅਤੇ ਹਾਈਵੇਜ ਮੰਤਰੀ ਨੇ ਕਿਹਾ, "ਅਸੀਂ ਹੁਣ 15 ਸਾਲ ਤੋਂ ਵੱਧ ਪੁਰਾਣੇ 9 ਲੱਖ ਤੋਂ ਵੱਧ ਵਾਹਨਾਂ ਨੂੰ ਸਕਰੈਪ ਵਿੱਚ ਬਦਲਣ ਦੀ ਪ੍ਰਵਾਨਗੀ ਦੇ ਦਿੱਤੀ ਹੈ।" ਇਸ ਦੇ ਨਾਲ ਹੀ ਪ੍ਰਦੂਸਣ ਫੈਲਾਉਣ ਵਾਲੀਆਂ ਬੱਸਾਂ ਅਤੇ ਕਾਰਾਂ ਦੇ ਸੜਕੀ ਸੰਚਾਲਨ 'ਤੇ ਪਾਬੰਦੀ ਲਗਾ ਕੇ ਉਨ੍ਹਾਂ ਦੀ ਥਾਂ 'ਤੇ ਨਵੇਂ ਵਾਹਨ ਲਿਆਉਣ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਗਈ ਹੈ।" ਉਨ੍ਹਾਂ ਕਿਹਾ, "ਇਸ ਨਾਲ ਹਵਾ ਪ੍ਰਦੂਸਣ ਕਾਫੀ ਹੱਦ ਤੱਕ ਘਟੇਗਾ।

ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਦੁਆਰਾ ਜਾਰੀ ਇੱਕ ਤਾਜਾ ਨੋਟੀਫਿਕੇਸਨ ਦੇ ਅਨੁਸਾਰ, 1 ਅਪ੍ਰੈਲ ਤੋਂ ਸਾਰੇ 15 ਸਾਲ ਪੁਰਾਣੇ ਕੇਂਦਰ ਅਤੇ ਰਾਜ ਸਰਕਾਰ ਦੇ ਵਾਹਨਾਂ ਦੀ ਰਜਿਸਟ੍ਰੇਸਨ ਰੱਦ ਕਰ ਦਿੱਤੀ ਜਾਵੇਗੀ ਅਤੇ ਉਨ੍ਹਾਂ ਨੂੰ ਰੱਦ ਕਰ ਦਿੱਤਾ ਜਾਵੇਗਾ। ਇਨ੍ਹਾਂ ਵਿਚ ਟਰਾਂਸਪੋਰਟ ਕਾਰਪੋਰੇਸਨਾਂ ਅਤੇ ਜਨਤਕ ਖੇਤਰ ਦੇ ਅਦਾਰਿਆਂ ਵਿੱਚ ਲੱਗੇ ਵਾਹਨ ਸਾਮਲ ਹਨ।

## ਪਾਕਿਸਤਾਨ ਦੀ ਮਾਸਜਿਦ ਵਿਚ ਹੋਇਆ ਫਿਦਾਈਨ ਹਮਲਾ, 61 ਦੀ ਮੌਤ

ਪੇਸ਼ਾਵਰ, 30 ਜਨਵਰੀ (ਪੋਸਟ ਬਿਊਰੋ) - ਪਾਕਿਸਤਾਨ ਦੀ ਮਸਜਿਦ ਵਿਚ ਹੋਏ ਫਿਦਾਇਨ ਹਮਲੇ ਦੀ ਜ਼ਿੰਮੇਵਾਰੀ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (ਟੀਟੀਪੀ) ਨੇ ਲਈ ਹੈ। ਇਸ ਹਮਲੇ ਵਿਚ ਹੁਣ ਤੱਕ 61 ਲੋਕਾਂ ਦੀ ਮੌਤ ਹੋ ਚੁੱਕੀ ਹੈ। ਜਦਕਿ 150 ਤੋਂ ਵੱਧ ਲੋਕ ਜਖਮੀ ਹਨ। ਇਸ ਹਮਲੇ ਦੇ ਵੇਰਵੇ ਭਿਆਨਕ ਹਨ। ਸੋਮਵਾਰ ਨੂੰ ਦੁਪਹਿਰ ਕਰੀਬ 1.40 ਵਜੇ ਪੇਸ਼ਾਵਰ ਦੇ ਇਕ ਬੇਹੱਦ ਸੁਰੱਖਿਅਤ ਇਲਾਕੇ ਵਿਚ ਇਕ ਮਸਜਿਦ ਲੋਕਾਂ ਨਾਲ ਖਚਾਖਚ ਭਰੀ ਹੋਈ ਸੀ। ਦੁਪਹਿਰ ਦੀ

**ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਨੇ ਲਈ ਹਮਲੇ ਦੀ ਜ਼ਿੰਮੇਵਾਰੀ**

ਨਮਾਜ ਜੌਹਰ ਚੱਲ ਰਹੀ ਸੀ। ਨਮਾਜ਼ੀਆਂ 'ਚ ਸਥਾਨਕ ਲੋਕ ਹੀ ਨਹੀਂ, ਪੁਲਸ, ਫੌਜ, ਬੰਬ ਨਿਰੋਧਕ ਦਸਤੇ ਦੇ ਕਰਮਚਾਰੀ ਵੀ ਸ਼ਾਮਲ ਸਨ। ਲੋਕ ਕਤਾਰਾਂ ਵਿੱਚ ਲੱਗ ਕੇ ਨਮਾਜ ਅਦਾ ਕਰ ਰਹੇ ਸਨ। ਉਦੋਂ ਹੀ ਨਮਾਜ਼ੀਆਂ ਵਿਚੋਂ ਪਹਿਲੀ ਕਤਾਰ ਵਿਚ ਬੈਠੇ ਇੱਕ ਵਿਅਕਤੀ ਨੇ ਇਕ ਵੱਡਾ ਧਮਾਕਾ ਕਰ ਦਿੱਤਾ। ਇਹ ਵਿਅਕਤੀ ਫਿਦਾਇਨ



ਹਮਲਾਵਰ ਸੀ, ਜਿਸ ਦੇ ਧਮਾਕੇ ਨਾਲ ਟੁਕੜੇ-ਟੁਕੜੇ ਹੋ ਗਏ। ਹਮਲਾਵਰ ਪੁਲਸ ਮੁਲਾਜਮਾਂ ਅਤੇ ਸੁਰੱਖਿਆ ਅਧਿਕਾਰੀਆਂ ਨੂੰ ਨਿਸ਼ਾਨਾ ਬਣਾਉਣਾ ਚਾਹੁੰਦੇ ਸਨ। ਮਰਨ ਵਾਲਿਆਂ 'ਚ ਜ਼ਿਆਦਾਤਰ ਪੁਲਸ ਕਰਮਚਾਰੀ ਅਤੇ ਸੁਰੱਖਿਆ ਕਰਮਚਾਰੀ ਸਾਮਲ ਹਨ। ਪਾਕਿਸਤਾਨੀ ਫੌਜ ਵਲੋਂ ਮਾਰੇ ਗਏ ਟੀ.ਟੀ.ਪੀ. ਕਮਾਂਡਰ ਉਮਰ ਖਾਲਿਦ ਖੁਰਾਸਾਨੀ ਦੇ ਭਰਾ ਨੇ ਦਾਅਵਾ ਕੀਤਾ ਹੈ ਕਿ ਇਹ ਹਮਲਾ ਉਸ ਦੇ ਭਰਾ ਦੀ ਹੱਤਿਆ ਦਾ ਬਦਲਾ ਸੀ। ਉਮਰ ਖਾਲਿਦ ਖੁਰਾਸਾਨੀ ਅਗਸਤ 2022 ਵਿੱਚ ਅਫਗਾਨਿਸਤਾਨ ਵਿੱਚ ਮਾਰਿਆ ਗਿਆ ਸੀ ਜਦੋਂ ਇਕ ਧਮਾਕੇ ਵਿਚ ਉਸਦੀ ਕਾਰ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਇਸ ਵਿਚ ਖੁਰਾਸਾਨੀ ਸਮੇਤ 3 ਲੋਕ ਮਾਰੇ ਗਏ ਸਨ।

## ਤਿੰਨ ਰਾਜਾਂ ਵਿਚ ਵਾਂਟੇਡ ਡਾਕੂ ਕੇਸ਼ਵ ਗੁਰਜਰ ਰਾਜਸਥਾਨ ਵਿਚ ਮੁਕਾਬਲੇ ਤੋਂ ਬਾਅਦ ਗ੍ਰਿਫਤਾਰ

ਜੈਪੁਰ, 30 ਜਨਵਰੀ (ਪੋਸਟ ਬਿਊਰੋ)- ਤਿੰਨ ਰਾਜਾਂ ਦੀ ਪੁਲਸ ਨੂੰ ਲੋੜੀਂਦੇ 'ਵਾਂਟੇਡ' ਖੌਫਨਾਕ ਡਾਕੂ ਕੇਸ਼ਵ ਗੁਰਜਰ ਨੂੰ ਰਾਜਸਥਾਨ ਵਿਚ ਇਕ ਮੁਕਾਬਲੇ ਤੋਂ ਬਾਅਦ ਗ੍ਰਿਫਤਾਰ ਕਰ ਲਿਆ ਗਿਆ ਹੈ। ਰਾਜਸਥਾਨ ਦੇ 10 ਮੋਸਟ ਵਾਂਟੇਡ ਅਪਰਾਧੀਆਂ ਵਿੱਚੋਂ ਇੱਕ ਗੁਰਜਰ ਚੰਬਲ ਦੀਆਂ ਖੱਡਾਂ ਵਿਚ ਲੁਕਿਆ ਹੋਇਆ ਸੀ। ਪੁਲੀਸ ਪਿਛਲੇ ਛੇ ਮਹੀਨਿਆਂ ਤੋਂ ਉਸ ਦੀ ਭਾਲ ਕਰ ਰਹੀ ਸੀ। ਮੁਕਾਬਲੇ ਦੌਰਾਨ ਕੇਸ਼ਵ ਗੁਰਜਰ ਦੀ ਲੱਤ ਵਿੱਚ ਗੋਲੀ ਲੱਗੀ ਸੀ। ਉਸ ਨੂੰ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ। ਪੁਲਿਸ ਅਨੁਸਾਰ ਗੁਰਜਰ ਦੀ ਹਾਲਤ ਸਥਿਰ ਹੈ।



ਰਾਜਸਥਾਨ ਦੇ ਧੌਲਪੁਰ ਦੇ ਰਹਿਣ ਵਾਲੇ ਕੇਸ਼ਵ ਗੁਰਜਰ ਦੇ ਖਿਲਾਫ ਅਗਵਾ, ਫਿਰੌਤੀ ਅਤੇ ਕਤਲ ਦੇ ਕਈ ਮਾਮਲੇ ਦਰਜ ਹਨ। ਪੁਲੀਸ ਦੇ ਦਬਾਅ ਕਾਰਨ ਉਹ ਪਿਛਲੇ ਕੁਝ ਸਮੇਂ ਤੋਂ ਲਗਾਤਾਰ ਆਪਣਾ ਟਿਕਾਣਾ ਬਦਲ ਰਿਹਾ ਸੀ। ਧੌਲਪੁਰ ਦੇ ਐੱਸ.ਪੀ. ਗੌਰਵ ਸ਼੍ਰੀਵਾਸਤਵ ਨੇ ਕਿਹਾ, "ਅਸੀਂ ਉਸ ਨੂੰ ਗ੍ਰਿਫਤਾਰ ਕਰਨ ਲਈ ਜਮੀਨੀ ਪੱਧਰ ਦੀ ਖੁਫੀਆ ਜਾਣਕਾਰੀ ਇਕੱਠੀ ਕੀਤੀ ਸੀ। ਇਸ ਵਾਰ ਸਾਨੂੰ ਉਸ ਬਾਰੇ ਸਹੀ ਜਾਣਕਾਰੀ ਮਿਲੀ, ਅਸੀਂ ਬਿਨਾਂ ਸਮਾਂ ਬਰਬਾਦ ਕੀਤੇ ਤੁਰੰਤ ਹਰਕਤ ਵਿਚ ਆ ਗਏ ਅਤੇ ਉਸ ਨੂੰ ਘੇਰ ਲਿਆ। ਗੋਲੀਬਾਰੀ ਕੀਤੀ ਗਈ, ਜਿਸ ਵਿੱਚ ਪੁਲਿਸ ਵੱਲੋਂ ਕੋਈ ਜਖਮੀ ਨਹੀਂ ਹੋਇਆ। ਗੋਲੀਬਾਰੀ 'ਚ ਕੇਸ਼ਵ ਗੁਰਜਰ ਦੀ ਲੱਤ 'ਚ ਗੋਲੀ ਲੱਗੀ ਸੀ, ਜਿਸ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ।

## ਕਿਸਾਨਾਂ ਵਲੋਂ ਅੰਮ੍ਰਿਤਸਰ-ਪਠਾਨਕੋਟ ਰੇਲਵੇ ਟਰੈਕ ਅਣਮਿੱਥੇ ਸਮੇਂ ਲਈ ਜਾਮ

ਚੰਡੀਗੜ੍ਹ, 30 ਜਨਵਰੀ (ਪੋਸਟ ਬਿਊਰੋ): ਬਟਾਲਾ ਰੇਲਵੇ ਸਟੇਸ਼ਨ 'ਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਦੇ ਬੈਨਰ ਹੇਠ ਕਿਸਾਨਾਂ ਵਲੋਂ ਅੰਮ੍ਰਿਤਸਰ-ਪਠਾਨਕੋਟ ਰੇਲਵੇ ਟਰੈਕ ਨੂੰ ਅਣਮਿੱਥੇ ਸਮੇਂ ਲਈ ਜਾਮ ਕਰਦੇ ਹੋਏ ਸ਼ੁਰੂ ਕੀਤਾ ਰੋਸ ਪ੍ਰਦਰਸ਼ਨ ਅੱਜ ਦੂਸਰੇ ਦਿਨ ਭਾਰੀ ਬਰਸਾਤ ਵਿੱਚ ਵੀ ਜਾਰੀ ਹੈ ,ਇਸ ਦੌਰਾਨ ਜਥੇਬੰਦੀ ਦੇ ਆਗੂ ਸਰਵਣ ਸਿੰਘ ਪੰਧੇਰ ਵੀ ਮੌਜੂਦ ਰਹੇ ,ਠੰਡ ਅਤੇ ਭੁੱਖ ਤੋਂ ਬਚਣ ਲਈ ਕਿਸਾਨਾਂ ਵਲੋਂ ਰੇਲਵੇ ਸਟੇਸ਼ਨ 'ਤੇ ਹੀ ਪੁਖਤਾ ਇੰਤਜਾਮ ਕੀਤੇ ਗਏ ਹਨ।

ਇਸ ਮੌਕੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਤੇ ਹਰਦੀਪ ਸਿੰਘ ਨੇ ਦੱਸਿਆ ਕਿ ਬੀਤੇ ਕੱਲ੍ਹ ਪੂਰੇ ਪੰਜਾਬ ਵਿੱਚ ਤਿੰਨ ਘੰਟਿਆਂ ਲਈ ਰੇਲਵੇ ਟਰੈਕ ਰੋਕ ਕੇ ਜੋ ਪ੍ਰਦਰਸ਼ਨ ਕੀਤਾ ਗਿਆ ਸੀ ਉਹ ਕੇਂਦਰ ਸਰਕਾਰ ਨੇ ਜੋ ਵਾਅਦਾ ਕਰਕੇ ਕਿਸਾਨਾਂ ਦੀਆਂ ਮੰਗਾਂ ਨਹੀਂ ਮੰਨੀਆ ਉਹ ਉਸਦੇ ਖ਼ਿਲਾਫ਼ ਸੀ, ਪਰ ਬਟਾਲਾ ਵਿਖੇ ਜੋ ਰੇਲਵੇ ਟਰੈਕ ਅਣਮਿੱਥੇ ਸਮੇਂ ਲਈ ਰੋਕਿਆ ਗਿਆ ਹੈ, ਇਹ ਜ਼ਿਲ੍ਹਾ ਗੁਰਦਾਸਪੁਰ ਦੇ ਨਾਲ ਸੰਬੰਧਿਤ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਕੀਤਾ ਜਾ ਰਿਹਾ ਹੈ।

ਉਨ੍ਹਾਂ ਨੇ ਕਿਹਾ ਕਿ ਜੋ ਤਿੰਨ ਨੈਸ਼ਨਲ ਹਾਈਵੇ ਬਣਨ ਜਾ ਰਹੇ ਹਨ, ਉਹਨਾਂ ਵਾਸਤੇ ਜੋ ਕਿਸਾਨਾਂ ਦੀਆਂ ਜ਼ਮੀਨਾਂ ਐਕਵਾਇਰ ਕੀਤੀਆਂ ਜਾ ਰਹੀਆਂ ਹਨ। ਉਹਨਾਂ ਦਾ ਮੁਆਵਜ਼ਾ ਕਿਸਾਨਾਂ ਨੂੰ ਇਕ ਸਾਰ ਨਹੀਂ ਦਿੱਤਾ ਜਾ ਰਿਹਾ, ਦੂਜਾ ਜ਼ਿਲ੍ਹੇ ਨਾਲ ਸੰਬੰਧਿਤ ਜੋ ਕਿਸਾਨ ਧਰਨਿਆਂ ਦੌਰਾਨ ਸ਼ਹਾਦਤਾਂ ਪਾ ਗਏ ਸਨ, ਓਹਨਾ ਦੇ ਪਰਿਵਾਰਾਂ ਨੂੰ ਨਾ ਹੀ ਮੁਆਵਜ਼ੇ ਅਤੇ ਨਾ ਹੀ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

## ਪਾਕਿਸਤਾਨ ਉਪ ਚੋਣਾਂ ਵਿਚ ਇਮਰਾਨ ਖਾਨ ਸਾਰੀਆਂ 33 ਸੰਸਦੀ ਸੀਟਾਂ 'ਤੇ ਪਾਰਟੀ ਦੇ ਇਕਲੌਤੇ ਉਮੀਦਵਾਰ ਹੋਣਗੇ

ਲਾਹੌਰ, 30 ਜਨਵਰੀ (ਪੋਸਟ ਬਿਊਰੋ) - ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਮਾਰਚ 'ਚ ਦੇਸ਼ ਦੀਆਂ 33 ਸੀਟਾਂ ਲਈ ਹੋਣ ਵਾਲੀਆਂ ਉਪ ਚੋਣਾਂ 'ਚ ਆਪਣੀ ਪਾਰਟੀ ਦੇ ਇਕਲੌਤੇ ਉਮੀਦਵਾਰ ਹੋਣਗੇ। ਉਨ੍ਹਾਂ ਦੀ ਪਾਰਟੀ ਨੇ ਇਹ ਐਲਾਨ ਕੀਤਾ ਹੈ। ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ.ਟੀ.ਆਈ.) ਦੇ ਉਪ ਪ੍ਰਧਾਨ ਅਤੇ ਸਾਬਕਾ ਵਿਦੇਸ਼ ਮੰਤਰੀ ਸ਼ਾਹ ਮਹਿਮੂਦ ਕੁਰੈਸ਼ੀ ਨੇ ਐਤਵਾਰ ਸ਼ਾਮ ਨੂੰ ਇੱਥੇ ਇਕ ਪ੍ਰੈਸ ਕਾਨਫਰੰਸ ਵਿਚ ਦੱਸਿਆ ਕਿ ਇਹ ਫੈਸਲਾ ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ ਵਿਚ ਲਿਆ ਗਿਆ ਹੈ। ਕੁਰੈਸ਼ੀ ਨੇ ਕਿਹਾ, "ਇਮਰਾਨ ਖਾਨ ਸਾਰੀਆਂ 33 ਸੰਸਦੀ ਸੀਟਾਂ 'ਤੇ ਪੀਟੀਆਈ ਦੇ ਇਕਲੌਤੇ



ਉਮੀਦਵਾਰ ਹੋਣਗੇ। ਖਾਨ ਦੀ ਪ੍ਰਧਾਨਗੀ ਹੇਠ ਐਤਵਾਰ ਨੂੰ ਜਮਾਨ ਪਾਰਕ ਲਾਹੌਰ ਵਿਚ ਹੋਈ ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ ਵਿਚ ਇਹ ਫੈਸਲਾ ਲਿਆ ਗਿਆ।

ਪਾਕਿਸਤਾਨ ਦੇ ਚੋਣ ਕਮਿਸ਼ਨ (ਈ.ਸੀ.ਪੀ.) ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਨੈਸ਼ਨਲ ਅਸੈਂਬਲੀ ਦੀਆਂ 33 ਸੀਟਾਂ ਲਈ 16 ਮਾਰਚ ਨੂੰ ਉਪ ਚੋਣਾਂ ਹੋਣਗੀਆਂ। ਖਾਨ ਦੀ ਪਾਰਟੀ ਦੇ ਸੰਸਦ ਮੈਂਬਰਾਂ, ਜਿਨ੍ਹਾਂ ਨੂੰ ਪਿਛਲੇ ਸਾਲ ਅਪ੍ਰੈਲ 'ਚ ਬੇਭਰੋਸਗੀ ਮਤੇ ਤੋਂ ਬਾਅਦ ਸੱਤਾ ਤੋਂ ਲਾਂਭੇ ਕੀਤਾ ਗਿਆ ਸੀ, ਨੇ ਪਾਕਿਸਤਾਨ ਸੰਸਦ ਦੇ ਹੇਠਲੇ ਸਦਨ (ਰਾਸ਼ਟਰੀ ਅਸੈਂਬਲੀ) ਨੂੰ ਛੱਡ ਦਿੱਤਾ ਸੀ। ਹਾਲਾਂਕਿ ਸਦਨ ਦੇ ਸਪੀਕਰ ਰਾਜਾ ਪਰਵੇਜ ਅਸ਼ਰਫ਼ ਨੇ ਸੰਸਦ ਮੈਂਬਰਾਂ ਦੇ ਅਸਤੀਫੇ ਸਵੀਕਾਰ ਨਹੀਂ ਕੀਤੇ ਅਤੇ ਕਿਹਾ ਕਿ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਇਹ ਪੁਸ਼ਟੀ ਕਰਨ ਦੀ ਲੋੜ ਹੈ ਕਿ ਕੀ ਸੰਸਦ ਮੈਂਬਰ ਆਪਣੀ ਮਰਜ਼ੀ ਨਾਲ ਅਸਤੀਫ਼ਾ ਦੇ ਰਹੇ ਹਨ ਜਾਂ ਦਬਾਅ ਹੇਠ। ਪਿਛਲੇ ਮਹੀਨੇ, ਸਪੀਕਰ ਨੇ ਪੀਟੀਆਈ ਦੇ 35 ਸੰਸਦ ਮੈਂਬਰਾਂ ਦੇ ਅਸਤੀਫੇ ਸਵੀਕਾਰ ਕਰ ਲਏ ਸਨ, ਜਿਸ ਤੋਂ ਬਾਅਦ ਚੋਣ ਕਮਿਸਨ ਨੇ ਉਨ੍ਹਾਂ ਨੂੰ ਡੀ-ਨੋਟੀਫਾਈ ਕਰ ਦਿੱਤਾ ਸੀ।

## ਕੋਵਿਡ-19 ਅਜੇ ਵੀ ਅੰਤਰਰਾਸ਼ਟਰੀ ਪੱਧਰ 'ਤੇ ਚਿੰਤਾ ਦਾ ਵਿਸ਼ਾ : ਡਬਲਿਊ.ਐੱਚ.ਓ.

ਜੇਨੇਵਾ, 30 ਜਨਵਰੀ (ਪੋਸਟ ਬਿਊਰੋ) - ਕੋਵਿਡ-19 ਨੂੰ ਲੈ ਕੇ ਉੱਚ ਪੱਧਰੀ ਵਿਸ਼ਵਵਿਆਪੀ ਚੇਤਾਵਨੀ ਜਾਰੀ ਕਰਨ ਦੇ ਤਿੰਨ ਸਾਲ ਬਾਅਦ, ਵਿਸ਼ਵ ਸਿਹਤ ਸੰਗਠਨ (ਡਬਲਿਯੂ.ਐਚ.ਓ.) ਨੇ ਸੋਮਵਾਰ ਨੂੰ ਕਿਹਾ ਕਿ ਮਹਾਮਾਰੀ ਅਜੇ ਵੀ ਅੰਤਰਰਾਸ਼ਟਰੀ ਐਮਰਜੰਸੀ ਬਣੀ ਹੋਈ ਹੈ। ਕੋਵਿਡ-19 'ਤੇ ਸੰਯੁਕਤ ਰਾਸਟਰ (ਯੂ.ਐੱਨ.) ਦੀ ਸਿਹਤ ਏਜੰਸੀ ਦੀ ਐਮਰਜੈਂਸੀ ਕਮੇਟੀ ਨੇ ਮਹਾਮਾਰੀ ਦੀ ਸ਼ੁਰੂਆਤ ਤੋਂ ਬਾਅਦ 14ਵੀਂ ਵਾਰ ਪਿਛਲੇ ਸ਼ੁੱਕਰਵਾਰ ਨੂੰ ਬੈਠਕ ਕੀਤੀ। ਮੀਟਿੰਗ ਤੋਂ ਬਾਅਦ ਡਬਲਿਊ.ਐੱਚ.ਓ. ਦੇ ਇਕ ਬਿਆਨ ਵਿਚ ਕਿਹਾ ਗਿਆ ਹੈ, ਸੰਗਠਨ ਦੇ ਮੁਖੀ, ਟੇਡਰੋਸ ਅਡਾਨੋਮ ਘੇਬਰੇਅਸਸ, ਚੱਲ ਰਹੀ ਕੋਵਿਡ -19 ਮਹਾਂਮਾਰੀ ਬਾਰੇ ਕਮੇਟੀ ਦੀ ਸਲਾਹ ਨਾਲ ਸਹਿਮਤ ਹਨ। ਕੋਵਿਡ ਅਜੇ ਵੀ ਅੰਤਰਰਾਸ਼ਟਰੀ ਪੱਧਰ 'ਤੇ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।

ਬਿਆਨ ਵਿਚ ਕਿਹਾ ਗਿਆ ਹੈ ਕਿ ਟ੍ਰੇਡੋਸ ਕਮੇਟੀ ਦੇ ਵਿਚਾਰ ਨੂੰ ਸਵੀਕਾਰ ਕਰਦਾ ਹੈ ਕਿ ਕੋਵਿਡ-19 ਸੰਭਾਵਤ ਤੌਰ 'ਤੇ ਇੱਕ ਪਰਿਵਰਤਨ ਬਿੰਦੂ 'ਤੇ ਹੈ ਅਤੇ ਇਸ ਨੂੰ ਨੈਵੀਗੇਟ




ਕਰਨ ਅਤੇ ਇਸਦੇ ਨਕਾਰਾਤਮਕ ਨਤੀਜਿਆਂ ਨੂੰ ਘੱਟ ਕਰਨ ਦੇ ਤਰੀਕੇ ਬਾਰੇ ਕਮੇਟੀ ਦੀ ਸਲਾਹ ਦੀ ਸ਼ਲਾਘਾ ਕਰਦੇ ਹਾਂ। ਕਮੇਟੀ ਦੀ ਮੀਟਿੰਗ ਤੋਂ ਪਹਿਲਾਂ ਡਬਲਿਊ.ਐੱਚ.ਓ. ਮੁਖੀ ਨੇ ਕੋਰੋਨਾ ਕਾਰਨ ਹੋਈਆਂ ਮੌਤਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਸੀ ਕਿ ਮਹਾਮਾਰੀ ਦਾ ਐਮਰਜੈਂਸੀ ਦੌਰ ਅਜੇ ਖਤਮ ਨਹੀਂ ਹੋਇਆ ਹੈ। ਉਨ੍ਹਾਂ ਮੀਟਿੰਗ ਦੀ ਸ਼ੁਰੂਆਤ ਵਿਚ ਕਮੇਟੀ ਨੂੰ ਦੱਸਿਆ, "ਅਸੀਂ ਮਹਾਂਮਾਰੀ ਦੇ ਚੌਥੇ ਸਾਲ ਵਿਚ ਪ੍ਰਵੇਸ਼ ਕਰ ਚੁੱਕੇ ਹਾਂ। ਅਸੀਂ ਨਿਸ਼ਚਿਤ ਤੌਰ 'ਤੇ ਹੁਣ ਇਕ ਸਾਲ ਪਹਿਲਾਂ ਨਾਲੋਂ ਕਿਤੇ ਬਿਹਤਰ ਸਥਿਤੀ ਵਿਚ ਹਾਂ, ਜਦੋਂ ਓਮਿਕਰੋਨ ਲਹਿਰ ਆਪਣੇ ਸਿਖਰ 'ਤੇ ਸੀ ਅਤੇ ਹਰ ਹਫਤੇ ਨੂੰ 70,000 ਤੋਂ ਵੱਧ ਮੌਤਾਂ ਦੀ ਸੂਚਨਾ ਦਿੱਤੀ ਜਾ ਰਹੀ ਹੈ।"

ਟ੍ਰੇਡੋਸ ਨੇ ਕਿਹਾ ਕਿ ਅਕਤੂਬਰ 'ਚ ਹਫਤਾਵਾਰੀ ਮੌਤ ਦਰ 10,000 ਤੋਂ ਹੇਠਾਂ ਆ ਗਈ ਸੀ ਪਰ ਦਸੰਬਰ ਦੀ ਸ਼ੁਰੂਆਤ 'ਚ ਇਹ ਫਿਰ ਤੋਂ ਵਧਣ ਲੱਗੀ। ਚੀਨ ਵਿਚ ਕੋਵਿਡ 'ਤੇ ਪਾਬੰਦੀਆਂ ਵਿਚ ਢਿੱਲ ਦਿੱਤੇ ਜਾਣ ਤੋਂ ਬਾਅਦ ਮੌਤਾਂ ਦੀ ਗਿਣਤੀ ਵਿਚ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜਨਵਰੀ ਦੇ ਅੱਧ ਵਿੱਚ ਕੋਵਿਡ ਕਾਰਨ ਇੱਕ ਹਫਤੇ ਵਿੱਚ ਕਰੀਬ 40 ਹਜਾਰ ਮੌਤਾਂ ਹੋਈਆਂ, ਜਿਨ੍ਹਾਂ ਵਿੱਚੋਂ ਅੱਧੇ ਤੋਂ ਵੱਧ ਮੌਤਾਂ ਚੀਨ ਵਿੱਚ ਹੋਈਆਂ। ਮੌਤਾਂ ਦੀ ਗਿਣਤੀ ਨਿਸ਼ਚਿਤ ਤੌਰ 'ਤੇ ਇਸ ਤੋਂ ਕਿਤੇ ਵੱਧ ਹੈ।

## ਸ੍ਰੀਨਗਰ ਵਿਚ 'ਭਾਰਤ ਜੋੜੋ ਯਾਤਰਾ' ਦੀ ਹੋਈ ਸਮਾਪਤੀ, ਰਾਹੁਲ ਗਾਂਧੀ ਬੋਲੇ, 'ਲੱਗਦਾ ਸੀ ਕਿ ਇਹ ਸਫ਼ਰ ਆਸਾਨ ਹੋਵੇਗਾ'

ਨਵੀਂ ਦਿੱਲੀ, 30 ਜਨਵਰੀ (ਪੋਸਟ ਬਿਊਰੋ) - ਕਾਂਗਰਸ ਨੇ 'ਭਾਰਤ ਜੋੜੋ ਯਾਤਰਾ' ਦੀ ਸਮਾਪਤੀ ਦੇ ਮੌਕੇ 'ਤੇ ਸ਼ੇਰ-ਏ-ਕਸ਼ਮੀਰ ਕ੍ਰਿਕਟ ਸਟੇਡੀਅਮ 'ਚ ਇਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ। ਇਸ ਵਿੱਚ ਸਮੁੱਚੀ ਕਾਂਗਰਸ ਲੀਡਰਸ਼ਿਪ ਤੋਂ ਇਲਾਵਾ ਵਿਰੋਧੀ ਪਾਰਟੀਆਂ ਦੇ ਕਈ ਆਗੂ ਸ਼ਾਮਲ ਹੋਏ ਹਨ। 'ਭਾਰਤ ਜੋੜੋ ਯਾਤਰਾ' ਦੀ ਸਮਾਪਤੀ ਮੌਕੇ ਆਯੋਜਿਤ ਰੈਲੀ ਵਿੱਚ ਡੀਐਮਕੇ, ਨੈਸ਼ਨਲ ਕਾਨਫਰੰਸ, ਪੀਡੀਪੀ, ਸੀਪੀਆਈ, ਆਰਐਸਪੀ ਅਤੇ ਆਈਯੂਐਮਐਲ ਦੇ ਨੇਤਾਵਾਂ ਨੇ ਹਿੱਸਾ ਲਿਆ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸ਼੍ਰੀਨਗਰ 'ਚ ਭਾਰੀ ਬਰਫਬਾਰੀ ਦਰਮਿਆਨ ਸਮਾਪਤੀ ਸਮਾਰੋਹ 'ਚ ਕਿਹਾ ਕਿ ਉਹ ਕਈ ਸਾਲਾਂ ਤੋਂ 8-10 ਕਿਲੋਮੀਟਰ ਤੱਕ ਦੌੜਦੇ




ਸਨ, ਲੱਗਦਾ ਸੀ ਕਿ ਇਹ ਸਫਰ ਆਸਾਨ ਹੋਵੇਗਾ। ਯਾਤਰਾ ਦੌਰਾਨ ਇੱਕ ਪੁਰਾਣੀ ਸੱਟ ਸਾਹਮਣੇ ਆਈ। ਜੋ ਸੌਖਾ ਲੱਗਦਾ ਸੀ ਉਹ ਔਖਾ ਨਿਕਲਿਆ।

ਰਾਹੁਲ ਗਾਂਧੀ ਨੇ ਕਿਹਾ ਕਿ ਮੈਂ ਬਹੁਤ ਕੁਝ ਸਿੱਖਿਆ, ਇੱਕ ਦਿਨ ਮੈਂ ਬਹੁਤ ਦਰਦ ਵਿੱਚ ਸੀ। ਮੈਂ ਸੋਚਿਆ ਕਿ ਮੈਨੂੰ ਹੋਰ 6-7 ਘੰਟੇ ਪੈਦਲ ਚੱਲਣਾ ਪਏਗਾ ਅਤੇ ਇਹ ਮੁਸ਼ਕਿਲ ਹੋਵੇਗਾ। ਪਰ ਇੱਕ ਮੁਟਿਆਰ ਦੌੜਦੀ ਮੇਰੇ ਕੋਲ ਆਈ ਅਤੇ ਕਿਹਾ ਕਿ ਉਸਨੇ ਮੇਰੇ ਲਈ ਕੁਝ ਲਿਖਿਆ ਹੈ। ਉਸਨੇ ਮੈਨੂੰ ਜੱਫੀ ਪਾ ਲਈ ਅਤੇ ਭੱਜ ਗਈ। ਉਸਨੇ ਲਿਖਿਆ, "ਮੈਂ ਦੇਖ ਸਕਦੀ ਹਾਂ ਕਿ ਤੁਹਾਡਾ ਗੋਡਾ ਦੁਖ ਰਿਹਾ ਹੈ ਕਿਉਂਕਿ ਜਦੋਂ ਤੁਸੀਂ ਉਸ ਲੱਤ 'ਤੇ ਦਬਾਅ ਪਾਉਂਦੇ ਹੋ, ਤਾਂ ਇਹ ਤੁਹਾਡੇ ਚਿਹਰੇ 'ਤੇ ਦਿਖਾਈ ਦਿੰਦਾ ਹੈ। ਮੈਂ ਤੁਹਾਡੇ ਨਾਲ ਨਹੀਂ ਚੱਲ ਸਕਦੀ ਪਰ ਮੈਂ ਆਪਣੇ ਦਿਲ ਤੋਂ ਤੁਹਾਡੇ ਨਾਲ ਚੱਲ ਰਹੀ ਹਾਂ। ਕਿਉਂਕਿ ਮੈਂ ਜਾਣਦੀ ਹਾਂ ਕਿ ਤੁਸੀਂ ਚੱਲ ਰਹੇ ਹੋ।" ਮੇਰੇ ਅਤੇ ਮੇਰੇ ਭਵਿੱਖ ਲਈ। ਉਸੇ ਪਲ, ਮੇਰਾ ਦਰਦ ਅਲੋਪ ਹੋ ਗਿਆ।"

ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਅੱਗੇ ਕਿਹਾ ਕਿ ਜਦੋਂ ਮੈਂ ਕੰਨਿਆਕੁਮਾਰੀ ਤੋਂ ਅੱਗੇ ਵਧ ਰਿਹਾ ਸੀ ਤਾਂ ਮੈਨੂੰ ਠੰਢ ਮਹਿਸੂਸ ਹੋ ਰਹੀ ਸੀ। ਮੈਂ ਕੁਝ ਬੱਚਿਆਂ ਨੂੰ ਦੇਖਿਆ। ਉਹ ਗਰੀਬ ਸਨ, ਉਹ ਠੰਢ ਮਹਿਸੂਸ ਕਰ ਰਹੇ ਸਨ, ਉਹ ਕੰਮ ਕਰ ਰਹੇ ਸਨ ਅਤੇ ਉਹ ਕੰਬ ਰਹੇ ਸਨ। ਮੈਂ ਸੋਚਿਆ ਕਿ ਜੇ ਇਨ੍ਹਾਂ ਬੱਚਿਆਂ ਨੂੰ ਠੰਢ ਵਿੱਚ ਸਵੈਟਰ-ਜੈਕਟਾਂ ਨਹੀਂ ਪਹਿਨਣੀਆਂ ਪੈਂਦੀਆਂ ਤਾਂ ਮੈਂ ਵੀ ਨਹੀਂ ਪਹਿਨਾਂਗਾਂ। ਰਾਹੁਲ ਗਾਂਧੀ ਨੇ ਕਿਹਾ ਕਿ ਪੀਐਮ ਮੋਦੀ ਜੀ, ਅਮਿਤ ਸ਼ਾਹ ਜੀ, ਆਰਐਸਐਸ ਦੇ ਲੋਕਾਂ ਨੇ ਹਿੰਸਾ ਨਹੀਂ ਦੇਖੀ ਹੈ। ਉਹ ਡਰਦੇ ਹਨ। ਕੋਈ ਵੀ ਭਾਜਪਾ ਆਗੂ ਇੱਥੇ ਨਹੀਂ ਤੁਰ ਸਕਦਾ, ਇਸ ਲਈ ਨਹੀਂ ਕਿ ਜੰਮੂ-ਕਸ਼ਮੀਰ ਦੇ ਲੋਕ ਉਸ ਨੂੰ ਚੱਲਣ ਨਹੀਂ ਦੇਣਗੇ, ਸਗੋਂ ਇਸ ਲਈ ਕਿ ਉਹ ਡਰਦੇ ਹਨ।

## ਉੱਤਰ-ਪੱਛਮੀ ਪਾਕਿਸਤਾਨ 'ਚ ਕਿਸ਼ਤੀ ਪਲਟਣ ਨਾਲ 10 ਵਿਦਿਆਰਥੀਆਂ ਦੀ ਮੌਤ, 15 ਜ਼ਖਮੀ

ਇਸਲਾਮਾਬਾਦ, 30 ਜਨਵਰੀ (ਪੋਸਟ ਬਿਊਰੋ) - ਉੱਤਰ-ਪੱਛਮੀ ਪਾਕਿਸਤਾਨ ਵਿੱਚ ਐਤਵਾਰ ਨੂੰ ਇੱਕ ਝੀਲ ਵਿੱਚ ਕਿਸ਼ਤੀ ਪਲਟਣ ਕਾਰਨ ਇੱਕ ਮਦਰੱਸੇ ਦੇ ਘੱਟੋ-ਘੱਟ 10 ਵਿਦਿਆਰਥੀਆਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਮਦਰੱਸਾ ਮੀਰਬਾਸ਼ ਖੇਲ ਦੇ ਵਿਦਿਆਰਥੀ ਖੈਬਰ ਪਖਤੂਨਖਵਾ ਸੂਬੇ ਦੇ ਕੋਹਾਟ ਜ਼ਿਲੇ 'ਚ ਟਾਂਡਾ ਡੈਮ ਝੀਲ 'ਚ ਸੈਰ 'ਤੇ ਸਨ, ਜਦੋਂ ਉਨ੍ਹਾਂ ਦੀ ਕਿਸ਼ਤੀ ਪਲਟ ਗਈ। ਅਧਿਕਾਰੀਆਂ ਨੇ ਦੱਸਿਆ ਕਿ ਬਚਾਅ ਕਰਮਚਾਰੀਆਂ ਨੇ 10 ਲਾਸ਼ਾਂ ਬਰਾਮਦ ਕੀਤੀਆਂ ਹਨ। ਕੋਹਾਟ ਦੇ ਡਿਪਟੀ ਕਮਿਸ਼ਨਰ ਫੁਰਕਾਨ ਅਸ਼ਰਫ ਨੇ ਦੱਸਿਆ ਕਿ ਕਿਸ਼ਤੀ 'ਤੇ 30 ਲੋਕ ਸਵਾਰ ਸਨ ਅਤੇ ਇਨ੍ਹਾਂ 'ਚ ਜ਼ਿਆਦਾਤਰ ਬੱਚੇ ਸਨ। ਇਨ੍ਹਾਂ ਵਿੱਚ ਸੱਤ ਤੋਂ 14 ਸਾਲ ਦੀ ਉਮਰ ਦੇ ਵਿਦਿਆਰਥੀ ਸਨ।



ਉਨ੍ਹਾਂ ਦੱਸਿਆ ਕਿ 15 ਬੱਚਿਆਂ ਨੂੰ ਬਚਾਇਆ ਗਿਆ ਅਤੇ ਉਨ੍ਹਾਂ ਨੂੰ ਨੇੜਲੇ ਹਸਪਤਾਲ ਲਿਜ-ਾਇਆ ਗਿਆ। ਪਾਕਿਸਤਾਨੀ ਫੌਜ ਦੀ ਬਚਾਅ ਟੀਮ ਵੀ ਮੌਕੇ 'ਤੇ ਪਹੁੰਚ ਗਈ ਹੈ, ਜਿੱਥੇ ਬਚਾਅ ਮੁਹਿੰਮ ਚਲਾਈ ਜਾ ਰਹੀ ਹੈ। ਖੈਬਰ ਪਖਤੂਨਖਵਾ ਸੂਬੇ ਦੇ ਕਾਰਜਕਾਰੀ ਮੁੱਖ ਮੰਤਰੀ ਆਜ਼ਮ ਖਾਨ ਨੇ ਸਥਾਨਕ ਪ੍ਰਸ਼ਾਸਨ ਨੂੰ ਪ੍ਰਭਾਵਿਤ ਪਰਿਵਾਰਾਂ ਨੂੰ ਐਮਰਜੈਂਸੀ ਰਾਹਤ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਹਨ।


OURR HOME & APPLIANCES
HURRY UP
LIMITED
TIME OFFER
DEALS LIKE NEVER BEFORE
OURR PRICES ARE THE BEST
BEST DEALS ON
LUXURY KITCHEN
APPLIANCES
WE CARRY ALL MAJOR BRANDS
UNBOXED UNITS
&
NEW IN BOX UNITS
AVAILABLE
100% CUSTOMER
SATISFACTION
DELIVERY AVAILABLE
*CONDITIONS APPLY
PRICE BEAT GUARANTEE
*CONDITIONS APPLY
USE THE PROMO CODE TO GET
DISCOUNT
PROMO CODE - (COURR-2302FLYER)
WE ARE AN AUTHORIZED DEALER FOR ALL MAJOR BRANDS!
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM


REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com


Tri-City
Professional Realty Inc., Brokerage.
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Tel: 905.793.5777
Avtar Singh Tiwana
Sales Representative
416.802.5866
31 Melanie Dr. Unit #4 Brampton, ON L6T 5H8
SOLD
$1,399,999
CASTLEMORE/GOREWAY
SOLD
$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866
SOLD
$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੇਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜਲ ਉਤੇ ਲਾਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017